



ਹੱਕ ਸੱਚ ਦੀ ਆਵਾਜ਼

# ਫਤਿਹ ਟਾਈਮਜ਼

ਰੋਜ਼ਾਨਾ ਡਿਜੀਟਲ ਐਡੀਸ਼ਨ


ਵਾਹਿਗੁਰੂ ਜੀ ਕਾ ਖਾਲਸਾ
ਵਾਹਿਗੁਰੂ ਜੀ ਕੀ ਫਤਿਹ ।।



ਮੁੱਖ ਸੰਪਾਦਕ
ਸਰਬਜੋਤ ਸਿੰਘ ਸੰਧਾ


ਮੁੱਖ ਸੰਪਾਦਕ ਸਰਬਜੋਤ ਸਿੰਘ ਸੰਧਾ | www.fatehtimesmedia.com | Email- fatehtimes1699@gmail.com

ਰਜਿ ਨੰ : ਪੀ ਬੀ 22000167 | ਫਤਿਹਾਬਾਦ , ਐਤਵਾਰ 30 ਨਵੰਬਰ 2025 , ਨਾਨਕਸ਼ਾਹੀ 15 ਮੱਘਰ , ਸੰਮਤ 557 | ਸਾਲ: 4, ਅੰਕ 264, ਪੰਨੇ: 4, ਮੁੱਲ: 4 ਰੁਪਏ


## ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਦੇ ਸਮਾਗਮ ਸ਼ਰਧਾ ਅਤੇ ਵੈਰਾਗਮਈ ਮਾਹੌਲ 'ਚ ਹੋਏ ਸਮਾਪਤ

ਫਤਿਹ ਟਾਈਮਜ਼

### ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ



ਸ੍ਰੀ ਅਨੰਦਪੁਰ ਸਾਹਿਬ, 29 ਨਵੰਬਰ (ਫ.ਟ.ਬ) ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਅਤੇ ਉਨ੍ਹਾਂ ਨਾਲ ਸ਼ਹੀਦੀ ਪ੍ਰਾਪਤ ਕਰਨ ਵਾਲੇ ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਸਬੰਧੀ ਸਮਾਗਮਾਂ ਦੀ ਸਮਾਪਤੀ ਅੱਜ ਗੁਰਦੁਆਰਾ ਸੀਸਗੰਜ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਵਿਚ ਰੂਹਾਨੀਅਤ ਭਰੇ ਮਾਹੌਲ ਵਿਚ ਹੋਈ। ਅੱਜ ਦੇ ਸਮਾਗਮ 'ਸੀਸ ਸਸਕਾਰ ਦਿਵਸ' ਵਜੋਂ ਗੁਰੂ ਸਾਹਿਬ ਦੀ ਲਾਸਾਨੀ ਕੁਰਬਾਨੀ ਦੀ ਸਦੀਵੀ ਯਾਦ ਵਜੋਂ ਮਨਾਏ ਗਏ। ਇਸ ਤੋਂ ਪਹਿਲਾਂ 'ਸੀਸ ਮਾਰਗ ਨਗਰ ਕੀਰਤਨ' ਗੁਰਦੁਆਰਾ ਬਿਬਾਨਗੜ੍ਹ ਸਾਹਿਬ ਸ੍ਰੀ ਕੀਰਤਪੁਰ ਸਾਹਿਬ ਤੋਂ ਚੱਲ ਕੇ ਗੁਰਦੁਆਰਾ ਸੀਸਗੰਜ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਵਿਖੇ ਪਹੁੰਚ ਕੇ ਸੰਪੰਨ ਹੋਇਆ। ਇਹ ਨਗਰ ਕੀਰਤਨ ਦਿੱਲੀ ਤੋਂ ਬੀਤੇ ਦਿਨੀ ਆਰੰਭ ਹੋਇਆ ਸੀ ਜੋ ਪੜਾਅ ਦਰ ਪੜਾਅ ਲੰਘੀ ਰਾਤ ਗੁਰਦੁਆਰਾ ਬਿਬਾਨਗੜ੍ਹ ਸਾਹਿਬ ਸ੍ਰੀ ਕੀਰਤਪੁਰ ਸਾਹਿਬ ਵਿਖੇ ਪੁੱਜਾ ਸੀ। ਅੱਜ ਸ੍ਰੀ ਕੀਰਤਪੁਰ ਸਾਹਿਬ ਤੋਂ ਸ੍ਰੀ ਅਨੰਦਪੁਰ ਸਾਹਿਬ ਤੱਕ ਸਜਾਏ ਸੀਸ ਮਾਰਗ ਨਗਰ ਕੀਰਤਨ ਵਿਚ ਹਜ਼ਾਰਾਂ ਦੀ ਗਿਣਤੀ ਵਿਚ ਸੰਗਤਾਂ ਨੇ ਸ਼ਰਧਾ ਭਾਵ ਨਾਲ ਹਿੱਸਾ ਲਿਆ। ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਅਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ ਧਨੌਲਾ, ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਦੇ ਜਥੇਦਾਰ ਗਿਆਨੀ ਬਲਦੇਵ ਸਿੰਘ, ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ, ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੁਖੀ ਬਾਬਾ ਬਲਬੀਰ ਸਿੰਘ, ਤਰਨਾ ਦਲ ਹਰੀਆਂ ਵੇਲਾਂ ਦੇ ਮੁਖੀ ਬਾਬਾ ਨਿਹਾਲ ਸਿੰਘ, ਦਲ ਬਾਬਾ ਬਿਧੀ ਚੰਦ ਦੇ ਮੁਖੀ ਬਾਬਾ ਅਵਤਾਰ ਸਿੰਘ ਸੁਰਸਿੰਘ, ਤਰਨਾ ਦਲ ਬਾਬਾ ਬਕਾਲਾ ਸਾਹਿਬ ਦੇ ਮੁਖੀ ਬਾਬਾ ਜੋਗਾ ਸਿੰਘ, ਬਾਬਾ ਕਸ਼ਮੀਰ ਸਿੰਘ ਭੂਰੀ ਵਾਲੇ, ਦਸ਼ਮੇਸ਼ (ਬਾਕੀ ਸਫਾ 3 ਤੇ)

## ਬੇਕਿਰਕ ਤੇ ਮੌਕਾਪ੍ਰਸਤ ਕਿਵੇਂ ਦੇ ਹੁੰਦੇ ਨੇ ?

### ਸਰਬਜੋਤ ਸਿੰਘ ਸੰਧਾ

ਫਤਿਹ ਟਾਈਮਜ਼

ਇਨਸਾਨ ਦਾ ਕਿਰਦਾਰ ਦਸਦਾ ਹੈ ਕਿ ਉਹ ਇਨਸਾਨ ਕਿਵੇਂ ਦਾ ਹੈ।ਕੀ ਉਹ ਬਿਨਾਂ ਕਿਸੇ ਗਰਜ ਦੇ ਤੁਹਾਡੇ ਨਾਲ ਜੁੜਿਆ ਹੈ ਜਾਂ ਸਿਰਫ ਕੰਮ ਕਰਕੇ ਮੌਕਾਪ੍ਰਸਤ ਹੋਣ ਕਰਕੇ ਜੁੜਿਆ ਹੈ।ਅੱਜ ਬਹੁਤ ਘੱਟ ਐਸੇ ਲੋਕ ਨੇ ਜਿਹੜੇ ਬਿਨਾਂ ਕਿਸੇ ਮਤਲਬ ਦੇ ਤੁਹਾਡੇ ਨਾਲ ਜੁੜੇ ਹੋਣ ਕਿਉਂ ਐਸੇ ਲੋਕ ਨਿਰਸਵਾਰਥ ਹੁੰਦੇ ਨੇ ਤੇ ਦਿਲ ਦੇ ਸਾਫ ਹੁੰਦੇ ਨੇ। ਪਰੰਤੂ ਜਿਥੇ ਲੋਕ ਝੂਠ ਫਰੇਬ ਤੇ ਮੌਕਾਪ੍ਰਸਤੀ ਕਰਕੇ ਜੁੜੇ ਹੋਣ ਉਥੇ ਇਮਾਨਦਾਰੀ ਤੇ ਭਰੋਸੇਯੋਗਤਾ ਨਹੀਂ ਹੁੰਦੀ।ਬੇਕਿਰਕ ਲੋਕਾ ਨੇ ਸਿਰਫ ਕੰਮ ਲੈਣੇ ਹੁੰਦੇ ਨੇ ਤੇ ਜਦੋਂ ਤੁਸੀਂ ਕੰਮ ਤੋਂ ਮਨਾ ਕਰ ਦਿਉਗੇ ਤਾਂ ਉਨ੍ਹਾਂ ਲੋਕਾਂ ਦੀ ਅਸਲੀਅਤ ਤੁਹਾਡੇ ਸਾਹਮਣੇ ਆ ਜਾਵੇਗੀ।ਜੇਕਰ ਤੁਸੀਂ ਅਣਜਾਣੇ ਬਣ ਕੇ ਉਨ੍ਹਾਂ ਦੇ ਕੰਮ ਕਰੀ ਜਾਉਗੇ ਤਾਂ ਇਹਨਾ ਲੋਕਾਂ ਦੀ ਅਸਲੀਅਤ ਕਦੇ ਤੁਹਾਡੇ ਸਾਹਮਣੇ ਨਹੀਂ ਆ ਸਕਦੀ। ਮਤਲਬੀ ਇਨਸਾਨ ਸਿਰਫ ਮਤਲਬ ਤੱਕ ਹੀ ਤੁਹਾਡਾ ਸਾਥੀ ਹੁੰਦਾ ਹੈ ਜੇਕਰ ਤੁਸੀਂ ਮਤਲਬ ਪੂਰਾ ਨਹੀਂ ਕਰ ਸਕਦੇ ਤਾਂ ਉਹ ਹੋਰ ਸਾਥ ਲੱਭ ਲਵੇਗਾ। ਅਜਿਹੇ ਮੌਕਾਪ੍ਰਸਤ ਤੇ ਮਤਲਬੀ ਲੋਕਾਂ ਨੂੰ ਮੂੰਹ ਨਾ ਲਗਾਓ ਤਾਂ ਜੋ ਤੁਹਾਨੂੰ ਕੋਈ ਮਾੜਾ ਤਜਰਬਾ ਨਾ ਹੋਵੇ।

## 7 ਸਾਲ ਦੀ ਭਵਿਆ ਨੇ ਜਿੱਤੀ ਗਰੀਨ ਬੈਲਟ ਜਿੱਤ ਕੇ ਮਾ ਬਾਪ ਦਾ ਨਾਮ ਕੀਤਾ ਰੌਸ਼ਨ

ਫਤਿਹ ਟਾਈਮਜ਼



ਅੰਮ੍ਰਿਤਸਰ, 29 ਨਵੰਬਰ (ਪ ਪ) ਜੈਪਨੀਜ਼ ਕਰਾਟੇ ਸਕੂਲ ਬਟਾਲਾ ਰੋਡ ਪਵਨ ਨਗਰ ਵਿੱਚ 7 ਸਾਲ ਦੀ ਬੇਟੀ ਭਵਿਆ ਨੇ ਗ੍ਰੀਨ ਬੈਲਟ ਜਿੱਤ ਕੇ ਕੀਤਾ ਮਾਤਾ ਪਿਤਾ ਦਾ ਨਾਮ ਰੋਸ਼ਨ ਕੀਤਾ ਗੱਲਬਾਤ ਦੌਰਾਨ ਭਵਿਆ ਨੇ ਦਸਿਆ ਕਿ ਉਸ ਦੇ ਚਾਚਾ ਪ੍ਰਥਮੇਸ਼ ਨੇ ਉਸ ਨੂੰ ਬਹੁਤ ਕੁਛ ਸਿਖਾਇਆ ਹੈ ਉਹ ਆਪਣੇ ਚਾਚੇ ਦਾ ਸੁਪਨਾ ਜਰੂਰ ਪੂਰਾ ਕਰੇਗੀ।

## 13 ਸਾਲ ਦੀ ਧੀਅ ਨਾਲ ਦਰਿੰਦਗੀ ਕਰਨ ਵਾਲੇ ਦੋਸ਼ੀ ਨੂੰ ਫਾਂਸੀ ਹੋਵੇਂ : ਸਮਾਜ ਸੇਵਕ ਮੱਟੂ

ਫਤਿਹ ਟਾਈਮਜ਼

### ਫਿਲਮਾਂ ਤੇ ਵੈੱਬ ਸੀਰੀਜ਼ ਵਰਗੀਆਂ ਭੈੜੀਆਂ ਬੁਰਾਈਆਂ ਤੋਂ ਬਚਣ ਦੀ ਲੋੜ ਹੈ



ਅੰਮ੍ਰਿਤਸਰ, 29 ਨਵੰਬਰ (ਪ ਪ) ਪੰਜਾਬ ਦੀ ਪ੍ਰਸਿੱਧ ਸਮਾਜ ਸੇਵੀਂ ਸੰਸਥਾ ਮਾਣ ਧੀਆਂ 'ਤੇ ਸਮਾਜ ਭਲਾਈ ਸੋਸਾਇਟੀ (ਰਜਿ) ਅੰਮ੍ਰਿਤਸਰ ਦੇ ਪ੍ਰਧਾਨ ਗੁਰਿੰਦਰ ਸਿੰਘ ਮੱਟੂ (ਪ੍ਰਸਿੱਧ ਸਮਾਜ ਸੇਵਕ ਅਤੇ ਖੇਡ ਪ੍ਰੋਮੋਟਰ) ਨੇ ਕਿਹਾ ਕੇ ਭਾਰਤ ਵਿੱਚ ਆਏ ਦਿਨ ਮਾਸੂਮ ਨਾਬਾਲਗ ਬੱਚੀਆਂ ਨਾਲ ਜ਼ਬਰ ਜਨਾਹ ਦੇ ਮਾਮਲੇ ਸਾਹਮਣੇ ਆਉਂਦੇ ਰਹਿੰਦੇ ਹਨ। 23 ਨਵੰਬਰ 2025 ਨੂੰ ਜ਼ਿਲ੍ਹਾ ਜਲੰਧਰ ਵਿੱਚ ਇੱਕ 13 ਸਾਲ ਦੀ ਬੱਚੀ ਨਾਲ ਹੈਵਾਨੀਅਤ ਕਰਕੇ ਕਤਲ ਕਰਨ ਦਾ ਮਾਮਲਾ ਸਾਹਮਣੇ ਆਇਆ। ਜਿਸ ਨੂੰ ਸੁਣ ਕੇ ਬਹੁਤ ਹੀ ਦੁੱਖ ਲੱਗਾ। ਇਹੋ ਜਿਹੀ ਜਦੋਂ ਵੀ ਕੋਈ ਘਟਨਾ ਵਾਪਰਦੀ ਹੈ, ਮੈਂ ਇਸ ਘਟਨਾ ਦੀ ਨਿੰਦਾ ਕਰਦਾ ਅਤੇ ਇਹਨਾਂ ਦੇ ਦੋਸ਼ੀਆਂ ਨੂੰ ਤਰੁੰਤ ਫਾਂਸੀ ਦੀ ਸਜ਼ਾ ਹੋਵੇ ਿ ਮੈਂ ਆਪਣੀ ਸੰਸਥਾ ਵੱਲੋਂ ਭਾਰਤ ਦੇ ਮਾਨਯੋਗ ਰਾਸ਼ਟਰਪਤੀ ਅਤੇ ਸੁਪਰੀਮ ਕੋਰਟ ਦੇ ਪ੍ਰਮੁੱਖ ਜੱਜ ਸਾਹਿਬਾਨ ਨੂੰ ਅਪੀਲ ਕਰਦਾ ਆ ਰਿਹਾ ਹਾਂ। ਇਸ ਦਰਿੰਦੇ ਨੂੰ ਫਾਸਟ ਟਰੈਕ ਕੋਰਟ ਅਧੀਨ ਫਾਂਸੀ ਦਿੱਤੀ ਜਾਵੇ ਿ ਜਿਨ੍ਹਾਂ ਚਿਰ ਜਬਰ ਜਨਾਹ ਕਰਨ ਵਾਲੇ ਦਰਿੰਦਿਆਂ ਨੂੰ ਫਾਂਸੀ ਨਹੀਂ ਹੋਵੇਗੀ ਉਨ੍ਹਾਂ ਚਿਰ ਸਾਡੇ ਦੇਸ਼ ਦੀਆਂ ਬੱਚੀਆਂ ਸੁਰੱਖਿਅਤ ਨਹੀਂ ਹਨ। ਇਸ ਤੋਂ ਪਹਿਲਾਂ ਪੰਜਾਬ ਦੇ ਜ਼ਿਲ੍ਹਾ ਹੁਸ਼ਿਆਰਪੁਰ ਵਿੱਚ 5 ਸਾਲ ਦੇ ਮਾਸੂਮ ਬੱਚੇ (ਲੜਕੇ) ਨਾਲ ਵੀ ਜਬਰ ਜਨਾਹ ਕਰਕੇ ਕਤਲ ਕਰ ਦਿੱਤਾ ਗਿਆ ਸੀ ਿ ਉਹਨਾਂ ਅੱਗੇ ਕਿਹਾ ਕੇ ਜਲੰਧਰ ਛੋਟੀ ਬੱਚੀ ਦੇ ਨਾਲ ਜਬਰ ਜਨਾਹ ਕਰਨ ਮਗਰੋਂ ਦਰਿੰਦਗੀ ਨਾਲ ਮੌਤ ਦੇ ਘਾਟ ਉਤਾਰਨ ਵਾਲੇ ਵੈਨ ਚਾਲਕ ਅੱਧਖੜ ਉਮਰ ਦੇ ਗੁਆਂਢੀ ਦੋਸ਼ੀ ਨੂੰ ਫਾਂਸੀ ਦੀ ਮਿਸਾਲੀ ਸਜ਼ਾ ਹੋਵੇ ਤਾਂ ਕੋਈ ਅਜਿਹਾ ਸ਼ਰਮਨਾਕ ਜ਼ੁਰਮ ਕਰਨ ਦੀ ਹਿਮਾਕਤ ਨਾ ਕਰੇ। ਆਖਿਰ ਵਿੱਚ ਸਮਾਜ ਸੇਵਕ ਗੁਰਿੰਦਰ ਸਿੰਘ ਮੱਟੂ ਨੇ ਕਿਹਾ ਕੇ ਅੱਜ-ਕੱਲ੍ਹ ਹਰ ਰੋਜ਼ ਅਜਿਹੀਆਂ ਖ਼ਬਰਾਂ ਆਉਂਦੀਆਂ ਰਹਿੰਦੀਆਂ ਹਨ ਕਿ ਕਿਸੇ ਬੱਚੀ ਨਾਲ ਬਲਾਤਕਾਰ ਹੋ ਗਿਆ, ਦਿਨ-ਦਿਹਾੜੇ ਕਤਲ ਹੋ ਗਿਆ, ਨਾਜਾਇਜ਼ ਸਬੰਧਾਂ ਕਾਰਨ ਜੀਵਨ ਸਾਥੀ ਦੀ ਹੱਤਿਆ ਕਰ ਦਿੱਤੀ, ਮਾਤਾ-ਪਿਤਾ ਦਾ ਕਤਲ ਕਰ ਦਿੱਤਾ ਤੇ ਮਾਂ ਵੱਲੋਂ ਆਪਣੇ ਬੱਚੇ ਦਾ ਪ੍ਰੇਮੀ ਨਾਲ ਮਿਲ ਕੇ ਕਤਲ ਕਰ ਦਿੱਤਾ ਗਿਆ। ਇਸ ਵਰਤਾਰੇ ਵਿਚ ਮੀਡੀਆ,ਫਿਲਮਾਂ ਤੇ ਵੈੱਬ ਸੀਰੀਜ਼ ਦਾ ਬਹੁਤ ਵੱਡਾ ਪ੍ਰਭਾਵ ਹੈ। ਅਸੀਂ ਪਰਦੇ 'ਤੇ ਜੋ ਦੇਖਦੇ ਹਾਂ, ਉਹ ਸਾਨੂੰ ਆਮ ਜ਼ਿੰਦਗੀ ਦਾ ਹਿੱਸਾ ਜਾਪਣ ਲੱਗਦਾ ਹੈ। ਸਾਨੂੰ ਇੰਜ ਮਹਿਸੂਸ ਹੁੰਦਾ ਹੈ ਜਿਵੇਂ ਇਹ ਕੋਈ ਬਹੁਤੀ ਵੱਡੀ ਗੱਲ ਨਹੀਂ। ਇਹ ਚੀਜ਼ਾਂ ਆਮ ਹੀ ਹੁੰਦੀਆਂ ਹਨ। ਵਾਰ-ਵਾਰ (ਬਾਕੀ ਸਫਾ 2 ਤੇ)


LIC
भारतीय जीवन बीमा निगम
LIFE INSURANCE CORPORATION OF INDIA

ਬੀਮਾ ਸੇਵਾ ਕੇਂਦਰ

ਬੱਚਿਆਂ ਲਈ ਐਜੂਕੇਸ਼ਨ ਬੀਮਾ ਪੌਲਸੀ,
ਲੜਕੀਆਂ ਲਈ ਕੰਨਿਆਦਾਨ ਪੌਲਸੀ,
ਬੁਢਾਪਾ ਪੈਨਸ਼ਨ ਸਕੀਮ,ਮਨੀ ਬੈੱਕ ਪੌਲਸੀ,
ਰੋਜ਼ਾਨਾ ਬਚਤ ਪੌਲਸੀ,ਕਰੋੜਪਤੀ ਸਕੀਮ।

ਡੈਂਥ ਕਲੇਮ,ਮਚਿਉਰਟੀ ਜਾ ਫਿਰ ਹੋਰ
ਐਲ ਆਈ ਸੀ ਸੇਵਾ ਲਈ ਸੰਪਰਕ ਕਰੋ:
ਐਸ ਐਸ ਸੰਧਾ ਮੋ:9988537575

ਅਖਬਾਰਾਂ ਵਿਚ ਨਾਮ ਬਦਲੀ,ਬੇਦਖਲੀ ਨੋਟਿਸ,ਟਿਊਬਵੈਲ
ਕੁਨੈਕਸ਼ਨ ਅਤੇ ਹੋਰ ਇਸ਼ਤਿਹਾਰ ਦੇਣ ਵੀ ਲਈ ਸੰਪਰਕ ਕਰੋ।


## ਕੁੱਲ ਹਿੰਦ ਕਿਸਾਨ ਸਭਾ ਪੰਜਾਬ ਇਕਾਈ ਵੱਲੋਂ ਤ੍ਰਿਪੁਰਾ ਦੇ ਪ੍ਰਦਰਸ਼ਨਕਾਰੀ ਕਿਸਾਨਾਂ-ਮਜ਼ਦੂਰਾਂ 'ਤੇ ਕਾਤਲਾਨਾ ਹਮਲੇ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ

ਫਤਿਹ ਟਾਈਮਜ਼

### ਨਿਖੇਧੀ

ਮੁੱਲਾਂਪੁਰ ਦਾਖਾ, 29 ਨਵੰਬਰ (ਦਵਿੰਦਰ ਸਿੰਘ ਲੰਮੇ) ਕੁੱਲ ਹਿੰਦ ਕਿਸਾਨ ਸਭਾ ਪੰਜਾਬ ਇਕਾਈ ਨੇ ਉੱਤਰੀ ਤ੍ਰਿਪੁਰਾ ਜ਼ਿਲ੍ਹੇ ਦੇ ਧਰਮਨਗਰ ਵਿਖੇ ਭਾਜਪਾ ਵਰਕਰਾਂ ਵੱਲੋਂ ਕਿਸਾਨ-ਮਜ਼ਦੂਰ ਪ੍ਰਦਰਸ਼ਨ 'ਤੇ ਅਣਮਨੁੱਖੀ, ਹਿੰਸਕ ਹਮਲੇ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ।

ਅੱਜ ਇੱਥੇ ਜਥੇਬੰਦੀ ਦੇ ਸੂਬਾਈ ਪ੍ਰਧਾਨ ਸਾਥੀ ਮੇਜਰ ਸਿੰਘ ਭਿੱਖੀਵਿੰਡ ਅਤੇ ਸੂਬਾਈ ਜਨਰਲ ਸਕੱਤਰ ਸਾਥੀ ਬਲਜੀਤ ਸਿੰਘ ਗਰੇਵਾਲ ਨੇ ਜਾਰੀ ਬਿਆਨ ਵਿੱਚ ਕਿਹਾ ਕਿ ਪ੍ਰਦਰਸ਼ਨਕਾਰੀ ਕਿਸਾਨ-ਮਜ਼ਦੂਰ , ਜੋ ਇਤਿਹਾਸਕ ਕਿਸਾਨ ਸੰਘਰਸ਼ ਦੇ 5ਵੇਂ ਸਾਲ ਅਤੇ ਕਿਰਤ ਕੋਡ ਵਾਪਸ ਲੈਣ ਦੀ ਮੰਗ ਨੂੰ ਲੈ ਕੇ ਦੇਸ਼ ਵਿਆਪੀ ਐਕਸ਼ਨ ਕਰ ਰਹੇ ਸਨ।ਕਿਸਾਨ ਆਗੂਆਂ ਨੇ ਦੱਸਿਆ ਕਿ ਸੀਨੀਅਰ ਟਰੇਡ ਯੂਨੀਅਨ ਆਗੂ ਅਤੇ ਸੀਟੂ ਤ੍ਰਿਪੁਰਾ ਦੇ ਸੂਬਾਈ ਉਪ ਪ੍ਰਧਾਨ ਅਮਿਤਾਵ ਦੱਤਾ ਦੇ ਸਿਰ ਵਿੱਚ ਗੰਭੀਰ ਸੱਟ ਲੱਗੀ ਹੈ ਅਤੇ ਉਨ੍ਹਾਂ ਨੂੰ ਅਗਰਤਲਾ ਮੈਡੀਕਲ ਕਾਲਜ ਵਿੱਚ ਦਾਖਲ ਕਰਵਾਇਆ ਗਿਆ ਹੈ। ਉਨ੍ਹਾਂ ਦੇ ਸਿਰ 'ਤੇ 20 ਟਾਂਕੇ ਲੱਗੇ ਹਨ। ਉਨ੍ਹਾਂ ਕਿਹਾ ਕਿ ਕਿਸਾਨ ਸਭਾ ਦੇ ਸੂਬਾ ਕਾਰਜਕਾਰਨੀ ਮੈਂਬਰ ਰਤਨ ਰਾਏ ਨੂੰ ਵੀ ਸੱਟ ਲੱਗੀ ਹੈ ਅਤੇ ਉਨ੍ਹਾਂ ਨੂੰ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਹੈ। ਕੁੱਟਮਾਰ ਦਾ ਸ਼ਿਕਾਰ ਹੋਏ ਸੱਤ ਕਿਸਾਨਾਂ ਅਤੇ ਮਜ਼ਦੂਰਾਂ ਨੂੰ ਹਸਪਤਾਲ ਲਿਜਾਇਆ ਗਿਆ ਅਤੇ ਮੁੱਢਲੀ ਸਹਾਇਤਾ ਤੋਂ ਬਾਅਦ ਛੁੱਟੀ ਦੇ ਦਿੱਤੀ ਗਈ। ਆਗੂਆਂ ਨੇ ਕਿਹਾ ਕਿ ਭਾਜਪਾ ਵੱਲੋਂ ਕੀਤੇ ਗਏ ਇਸ ਹਿੰਸਕ ਹਮਲੇ 26 ਨਵੰਬਰ ਦੇ ਵਿਰੋਧ ਪ੍ਰਦਰਸ਼ਨ ਦੀ ਬੇਮਿਸਾਲ ਸਫਲਤਾ ਅਤੇ ਕਿਸਾਨਾਂ ਅਤੇ ਮਜ਼ਦੂਰਾਂ ਦੇ ਵੱਡੇ ਇਕੱਠ ਦੇ ਮੱਦੇਨਜ਼ਰ ਨਿਰਾਸ਼ਾ ਦਾ ਨਤੀਜਾ ਹਨ। ਆਗੂਆਂ 'ਤੇ ਵਿਸ਼ੇਸ਼ ਤੌਰ 'ਤੇ ਨਿਸ਼ਾਨਾ ਬਣਾਇਆ ਗਿਆ ਇਹ ਹਮਲਾ ਭਾਜਪਾ ਦੀ ਅਗਵਾਈ ਵਾਲੀ ਮਾਨਿਕ ਸਾਹਾ ਸਰਕਾਰ ਦੇ ਅਧੀਨ ਤ੍ਰਿਪੁਰਾ ਵਿੱਚ ਕਾਨੂੰਨ ਵਿਵਸਥਾ ਦੇ ਪੂਰੀ ਤਰ੍ਹਾਂ ਟੁੱਟਣ ਨੂੰ ਦਰਸਾਉਂਦਾ ਹੈ। ਝੰਡਿਆਂ ਅਤੇ ਲਾਠੀਆਂ ਨਾਲ ਭਾਜਪਾ ਵਰਕਰਾਂ ਨੇ ਪੁਲਿਸ ਦੀ ਮੌਜੂਦਗੀ ਵਿੱਚ ਕਿਸਾਨਾਂ ਅਤੇ ਮਜ਼ਦੂਰਾਂ 'ਤੇ ਹਮਲਾ ਕੀਤਾ। ਹਾਲਾਂਕਿ ਐਫਆਈਆਰ ਦਰਜ ਕੀਤੀ ਗਈ ਹੈ, ਪਰ ਹੁਣ ਤੱਕ ਕਿਸੇ ਵੀ ਅਪਰਾਧੀ ਨੂੰ ਗ੍ਰਿਫ਼ਤਾਰ ਨਹੀਂ ਕੀਤਾ ਗਿਆ ਹੈ। ਕਿਸਾਨ ਆਗੂਆਂ ਨੇ ਭਾਰਤੀ ਨਿਆਂਏ ਸੰਹਿਤਾ (ਬੀਐਨਐਸ) ਦੀ ਧਾਰਾ 109 ਦੇ ਤਹਿਤ ਕਤਲ ਦੀ ਕੋਸ਼ਿਸ਼ ਦੇ ਦੋਸ਼ ਵਿੱਚ ਸਾਰੇ ਦੋਸ਼ੀਆਂ ਨੂੰ ਤੁਰੰਤ ਗ੍ਰਿਫ਼ਤਾਰ ਕਰਨ ਦੀ ਮੰਗ ਕੀਤੀ ਹੈ। ਕਿਸਾਨ ਆਗੂਆਂ ਨੇ ਇਹ ਵੀ ਮੰਗ ਕੀਤੀ ਕਿ ਤ੍ਰਿਪੁਰਾ ਦੇ ਲੋਕਾਂ ਦੇ ਜਮਹੂਰੀ ਅਧਿਕਾਰਾਂ ਦੀ ਰੱਖਿਆ ਲਈ ਕਦਮ ਚੁੱਕੇ ਜਾਣ।

ਸਫ਼ਾ 1 ਦੀ ਬਾਕੀ

## 13 ਸਾਲ ਦੀ ਧੀਅ ਨਾਲ ਦਰਿੰਦਗੀ ਕਰਨ ਵਾਲੇ ਦੋਸ਼ੀ ਨੂੰ ਫਾਂਸੀ ਹੋਵੇਂ

ਫਤਿਹ ਟਾਈਮਜ਼ ਇਨ੍ਹਾਂ ਚੀਜ਼ਾਂ ਨੂੰ ਵੇਖ ਕੇ ਇਹ ਸਾਨੂੰ ਅਪਰਾਧ ਨਹੀਂ ਲੱਗਦੀਆਂ। ਜਿਸ ਤਰ੍ਹਾਂ ਇਨ੍ਹਾਂ ਅਪਰਾਧਾਂ ਨੂੰ ਪੇਸ਼ ਕੀਤਾ ਜਾਂਦਾ ਹੈ, ਉਸ ਨਾਲ ਸਮਾਜ ਵਿਚ ਇਨ੍ਹਾਂ ਪ੍ਰਤੀ ਖਿੱਚ ਵਧਦੀ ਹੈ। ਨਵੀਂ ਪੀੜ੍ਹੀ ਇਸ ਗੱਲ ਨੂੰ ਨਹੀਂ ਸਮਝਦੀ ਕਿ ਇਹ ਸਹੀ ਹੈ ਜਾਂ ਗ਼ਲਤ ਹੈ। ਅੱਜ-ਕੱਲ੍ਹ ਕਈ ਸੀਰੀਅਲਾਂ 'ਚ ਨਾਇਕਾ ਦਾ ਕਦੇ ਕਿਸੇ ਨਾਲ ਵਿਆਹ ਹੋ ਜਾਂਦਾ ਹੈ ਤੇ ਕਦੇ ਕਿਸੇ ਹੋਰ ਨਾਲ। ਅਜਿਹੇ ਕੁਝ ਪ੍ਰੋਗਰਾਮਾਂ ਤੋਂ ਬਾਅਦ ਇਹ ਆਮ ਜਿਹੀ ਗੱਲ ਲੱਗਣ ਲੱਗੀ। ਇਹ ਸਭ ਮੀਡੀਆ ਨੇ ਹੀ ਪਰੋਸਿਆ। ਇਹ ਸਭ ਟੈਲੀਵਿਜ਼ਨ ਦੀ ਦੇਣ ਹੈ। ਹੁਣ ਵੈੱਬ ਸੀਰੀਜ਼ ਦਾ ਜ਼ਮਾਨਾ ਹੈ। ਉਸ 'ਤੇ ਕਿਸੇ ਕਿਸਮ ਦਾ ਕੋਈ ਨਿਯੰਤਰਣ ਨਹੀਂ ਹੈ। ਉਹ ਸਾਰੀਆਂ ਹੱਦਾਂ ਪਾਰ ਕਰ ਕੇ ਰਿਸ਼ਤਿਆਂ ਨੂੰ ਤਾਰ-ਤਾਰ ਹੁੰਦਿਆਂ ਦਿਖਾਉਂਦੇ ਹਨ। ਜੁਰਮ ਨੂੰ ਇੰਨੀ ਚਮਕ-ਦਮਕ ਨਾਲ ਦਿਖਾਇਆ ਜਾਂਦਾ ਹੈ ਕਿ ਵਿਅਕਤੀ ਉਸ ਵੱਲ ਖਿੱਚਿਆ ਜਾਂਦਾ ਹੈ। ਜਿਸ ਵੀ ਚੀਜ਼ ਨੂੰ ਵੱਡਾ ਕਰ ਕੇ ਪਰੋਸਿਆ ਜਾਵੇਗਾ,ਉਸ ਵੱਲ ਖਿੱਚ ਕੁਦਰਤੀ ਹੈ। ਸੋ ਇਸ ਫਿਲਮਾਂ ਤੇ ਵੈੱਬ ਸੀਰੀਜ਼ ਵਰਗੀਆਂ ਭੈੜੀਆਂ ਬੁਰਾਈਆਂ ਤੋਂ ਬਚਣ ਦੀ ਲੋੜ ਹੈ

Hotel
EURO
PALACE
&
Restorent
Mandi road
Rewalsar
Wi fi & Rooms
Available
Mob:9817679963

ਹੱਕ ਸੱਚ ਦੀ ਆਵਾਜ਼
ਫਤਿਹ ਟਾਈਮਜ਼ CHANNEL
ਪਿਆਰੀ ਖ਼ਬਰਾਂ ਦੇਖਣ ਲਈ fatehtimes channel ਨੂੰ ਜ਼ਰੂਰ ਸਬਸਕਰਾਈਬ ਕਰੋ।
ਫਤਿਹ ਟਾਈਮਜ਼ ਚੈਨਲ ਤੇ ਖ਼ਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ
ਮੋ; 99885-37575

ਪੱਤਰਕਾਰਾਂ ਦੀ ਲੋੜ
ਅਦਾਰਾ ਫਤਿਹ ਟਾਈਮਜ਼ ਨੂੰ ਪੰਜਾਬ ਦੇ ਵੱਖ ਵੱਖ ਸ਼ਹਿਰਾਂ ਕਸਬਿਆਂ ਤੋਂ ਪੜ੍ਹੇ ਲਿਖੇ ਰਿਪੋਰਟਰਾਂ ਦੀ ਲੋੜ ਹੈ ਚਾਹਵਾਨ ਹੇਠ ਦਿੱਤੇ ਨੰਬਰ ਤੇ ਸੰਪਰਕ ਕਰਨ ।
ਮੋ:99885-37575

# ਅਦਿੱਤਿਆ ਓਬਰਾਏ ਭਗਵਾਂ ਸੈਨਾ ਸੰਗਠਨ ਦੇ ਪੰਜਾਬ ਦੇ ਉਪ ਪ੍ਰਧਾਨ (ਯੁਵਾ) ਨਿਯੁਕਤ - ਸੌਰਭ ਗੁਪਤਾ

ਫਤਿਹ ਟਾਈਮਜ਼

ਪਠਾਨਕੋਟ, 29 ਨਵੰਬਰ (ਪਵਨ ਸ਼ਰਮਾਂ) ਭਗਵਾਂ ਸੈਨਾ ਸੰਗਠਨ ਦੀ ਲੋਕਾਂ ਵਿੱਚ ਪ੍ਰਸਿੱਧੀ ਦਿਨੋ-ਦਿਨ ਬੇਮਿਸਾਲ ਪ੍ਰਾਪਤੀਆਂ ਪ੍ਰਾਪਤ ਕਰ ਰਹੀ ਹੈ। ਭਗਵਾ ਸੈਨਾ ਸੰਗਠਨ ਨੂੰ ਦੇਸ਼ ਅਤੇ ਪੰਜਾਬ ਦੇ ਲੋਕਾਂ ਵੱਲੋਂ ਅਥਾਹ ਪਿਆਰ ਮਿਲ ਰਿਹਾ ਹੈ, ਜਿਸ ਕਾਰਨ ਰਾਸ਼ਟਰੀ ਭਗਵਾ ਸੈਨਾ ਯੁਵਾ ਸੰਗਠਨ ਦੇ ਪ੍ਰਧਾਨ ਸੌਰਭ ਗੁਪਤਾ ਦੀ ਅਗਵਾਈ ਵਿੱਚ ਭਗਵਾ ਸੈਨਾ ਦਾ ਕਾਫਲਾ ਵਧ ਰਿਹਾ ਹੈ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸੌਰਭ ਗੁਪਤਾ ਨੇ ਦੱਸਿਆ ਕਿ ਆਦਿਤਿਆ ਓਬਰਾਏ ਨੂੰ ਭਗਵਾ ਸੈਨਾ ਦਾ ਪੰਜਾਬ ਉਪ ਪ੍ਰਧਾਨ (ਯੁਵਾ) ਨਿਯੁਕਤ ਕੀਤਾ ਗਿਆ ਹੈ। ਇਹ ਨਿਯੁਕਤੀ ਤੁਰੰਤ ਪ੍ਰਭਾਵੀ ਹੋਵੇਗੀ।ਆਦਿਤਿਆ ਓਬਰਾਏ ਪੰਜਾਬ ਵਿੱਚ ਸੰਗਠਨ ਦੇ ਯੁਵਾ ਵਿੰਗ ਨੂੰ ਮਜ਼ਬੂਤ ਕਰਨ ਲਈ ਭਗਵਾ ਸੈਨਾ ਦੇ ਰਾਸ਼ਟਰੀ ਯੁਵਾ ਪ੍ਰਧਾਨ ਸੌਰਭ ਗੁਪਤਾ ਦੇ ਨਾਲ ਕੰਮ ਕਰਨਗੇ।



ਭਗਵਾ ਸੈਨਾ ਆਦਿਤਿਆ ਓਬਰਾਏ ਦਾ ਇਸ ਅਹੁਦੇ 'ਤੇ ਸਵਾਗਤ ਕਰਦੀ ਹੈ ਅਤੇ ਸੰਗਠਨ ਦੇ ਉਦੇਸ਼ਾਂ ਵਿੱਚ ਉਨ੍ਹਾਂ ਦੇ ਨਿਰੰਤਰ ਯੋਗਦਾਨ ਦੀ ਉਮੀਦ ਕਰਦੀ ਹੈ। ਪੰਜਾਬ ਯੁਵਾ ਦੇ ਨਵ-ਨਿਯੁਕਤ ਉਪ ਪ੍ਰਧਾਨ ਆਦਿਤਿਆ ਓਬਰਾਏ ਨੇ ਭਗਵਾ ਸੈਨਾ ਸੰਗਠਨ ਦੇ ਅੰਦਰ ਇਹ ਮਹੱਤਵਪੂਰਨ ਜ਼ਿੰਮੇਵਾਰੀ ਪ੍ਰਾਪਤ ਕਰਨ 'ਤੇ ਮਾਣ ਪ੍ਰਗਟ ਕੀਤਾ ਅਤੇ ਪੂਰੇ ਦਿਲ ਅਤੇ ਆਤਮਾ ਨਾਲ ਸਮਾਜ ਦੀ ਸੇਵਾ ਕਰਨ ਦੀ ਆਪਣੀ ਵਚਨਬੱਧਤਾ ਪ੍ਰਗਟ ਕੀਤੀ। ਇਸ ਮੌਕੇ ਸੰਨੀ ਬਾਬਾ, ਸੂਬਾ ਪ੍ਰਧਾਨ ਪੰਜਾਬ, ਸੀਮਾ ਮੈਡਮ, ਸੰਗਠਨ ਮੰਤਰੀ ਪੰਜਾਬ, ਰਾਜ ਸ਼ਰਮਾ ਕੌਮੀ ਦਫ਼ਤਰ ਸਕੱਤਰ, ਰਾਕੇਸ਼ ਕੁਮਾਰ ਬਬਲੂ ਪੰਜਾਬ ਜਨਰਲ ਸਕੱਤਰ, ਅਸ਼ਵਨੀ ਮਹਾਜਨ ਆਰ.ਟੀ.ਆਈ ਸੈੱਲ ਚੇਅਰਮੈਨ ਪੰਜਾਬ, ਅੰਕੁਸ਼ ਕਾਕਰੀਆ ਪੰਜਾਬ ਬੁਲਾਰੇ, ਅਮਿਤ ਵਰਮਾ ਯੂਥ ਆਰਗੇਨਾਈਜ਼ੇਸ਼ਨ ਮੰਤਰੀ ਪੰਜਾਬ, ਰਿੰਕੂ ਸ਼ਰਮਾ ਜ਼ਿਲ੍ਹਾ ਪ੍ਰਧਾਨ, ਪਰਵੀਨ ਰਾਜਪੂਤ ਜ਼ਿਲ੍ਹਾ ਜਨਰਲ ਸਕੱਤਰ, ਯੂਥ ਵਿੰਗ ਦੇ ਕਾਨੂੰਨੀ ਸਲਾਹਕਾਰ ਐਡਵੋਕੇਟ ਜਤਿਨ ਕੁਮਾਰ ਪੁਰੀ, ਜ਼ਿਲ੍ਹਾ ਚੇਅਰਮੈਨ ਆਰ.ਟੀ.ਆਈ., ਕਾਨੂੰਨੀ ਸਲਾਹਕਾਰ ਐਡਵੋਕੇਟ ਜਤਿਨ ਕੁਮਾਰ ਪੁਰੀ, ਆਰ.ਟੀ.ਆਈ. ਟਿੰਕੂ, ਅਜੈ ਮਹਾਜਨ ਪੰਜਾਬ ਆਰਗੇਨਾਈਜ਼ਰ, ਮਨੋਜ ਕਸ਼ਯਪ ਯੂਥ ਮੀਤ ਪ੍ਰਧਾਨ ਪੰਜਾਬ, ਅਸ਼ੋਕ ਵਰਮਾ ਯੂਥ ਸਕੱਤਰ ਪੰਜਾਬ, ਕਰਨ ਪੁਰੀ ਜ਼ਿਲ੍ਹਾ ਪ੍ਰਧਾਨ ਪਠਾਨਕੋਟ, ਅਸ਼ਵਨੀ ਕੁਮਾਰ ਜ਼ਿਲ੍ਹਾ ਸਕੱਤਰ, ਰਾਕੇਸ਼ ਕੁਮਾਰ, ਵਿਜੇ ਕੁਮਾਰ, ਹੇਮਰਾਜ, ਗੁਰਮੁੱਖ ਸਿੰਘ ਪਵਨ ਕੁਮਾਰ, ਯੂਥ ਮੀਤ ਪ੍ਰਧਾਨ ਪੰਜਾਬ, ਨਰਿੰਦਰ ਕੁਮਾਰ, ਅਸ਼ਵਨੀ ਕੁਮਾਰ, ਅਸ਼ਵਨੀ ਕੁਮਾਰ ਚੇਅਰਮੈਨ ਪੰਜਾਬ, ਅਸ਼ਵਨੀ ਕੁਮਾਰ, ਲੁਧਿਆਣਵੀ ਮਹਾਜਨ ਪੰਜਾਬ, ਲਾਡੀ ਮਹਾਜਨ, ਪੰਜਾਬ ਆਰਗੇਨਾਈਜ਼ਰ ਲਾਡੀ. ਭਗਤ ਚਿੰਟੂ, ਅਸ਼ਵਨੀ ਕੁਮਾਰ, ਕਾਰਤਿਕ, ਅਸ਼ਵਨੀ ਮਹਾਜਨ, ਰਾਕੇਸ਼ ਕੁਮਾਰ ਬਬਲੂ, ਲਲਿਤ ਪੁਰੀ ਪੰਜਾਬ ਮੀਤ ਪ੍ਰਧਾਨ ਜਸਵਿੰਦਰ ਅਰੋੜਾ ਆਦਿ ਹੋਰ ਅਧਿਕਾਰੀਆਂ ਨੇ ਸ਼ਮੂਲੀਅਤ ਕੀਤੀ ।

# 13 ਦਸੰਬਰ ਨੂੰ ਲਗਾਈ ਜਾਏਗੀ ਨੈਸ਼ਨਲ ਲੋਕ ਅਦਾਲਤ : ਸੈਸ਼ਨ ਜੱਜ ਪਠਾਨਕੋਟ

ਫਤਿਹ ਟਾਈਮਜ਼

ਪਠਾਨਕੋਟ, 29 ਨਵੰਬਰ (ਪਵਨ ਸ਼ਰਮਾਂ) ਜ਼ਿਲਾ ਕਾਨੂੰਨੀ ਸੇਵਾਵਾਂ ਅਥਾਰਟੀ ਪਠਾਨਕੋਟ ਦੇ ਚੇਅਰਮੈਨ ਕਮ ਜ਼ਿਲ੍ਹਾ ਅਤੇ ਸੈਸ਼ਨ ਜੱਜ ਜਤਿੰਦਰ ਪਾਲ ਸਿੰਘ ਖੁਰਮੀ ਦੀ ਅਗਵਾਈ ਵਿੱਚ ਕੋਰਟ ਕੰਪਲੈਕਸ ਪਠਾਨਕੋਟ ਵਿਖ਼ੇ ਨੈਸ਼ਨਲ ਲੋਕ ਅਦਾਲਤ ਨੂੰ ਲੈ ਕੇ ਪੈਨਲ ਐਡਵੋਕਸਟਸ ਨਾਲ ਮੀਟਿੰਗ ਕੀਤੀ ਗਈ , ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜ਼ਿਲਾ ਕਾਨੂੰਨੀ ਸੇਵਾਵਾਂ ਅਥਾਰਟੀ ਪਠਾਨਕੋਟ ਦੇ ਚੇਅਰਮੈਨ ਜਤਿੰਦਰ ਪਾਲ ਸਿੰਘ ਖੁਰਮੀ ਨੇ ਦੱਸਿਆ ਲੋਕ ਆਪਣਾ ਕੇਸ ਸੰਬੰਧਿਤ ਕੋਰਟ ਜਾਂ ਸਕੱਤਰ ਜ਼ਿਲਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਦਫਤਰ ਵਿੱਚ ਅਰਜੀ ਦੇ ਕੇ ਲਗਵਾ ਸਕਦੇ ਹਨ, ਉਹਨਾਂ ਕਿਹਾ ਕਿ



ਨੈਸ਼ਨਲ ਲੋਕ ਅਦਾਲਤ ਵਿੱਚ ਦੋਵੇਂ ਪਾਰਟੀਆਂ ਦੀ ਜਿੱਤ ਹੋਵੇਗੀ ਅਤੇ ਕੋਈ ਵੀ ਪਾਰਟੀ ਆਪਣਾ ਕੇਸ ਹਾਰ ਕੇ ਨਹੀਂ ਜਾਵੇਗੀ। ਉਹਨਾਂ ਦੱਸਿਆ ਕਿ ਨੈਸ਼ਨਲ ਲੋਕ ਅਦਾਲਤ ਵਿੱਚ ਜੱਜ ਸਾਹਿਬਾਨ ਜੋ ਫੈਸਲਾ ਸੁਣਾ ਦੇਣਗੇ, ਉਸਦੇ ਬਾਅਦ ਇਸ ਫੈਸਲੇ ਦੇ ਖਿਲਾਫ ਫਿਰ ਕਿਸੇ ਵੀ ਅਦਾਲਤ ਵਿੱਚ ਅਪੀਲ ਨਹੀਂ ਕੀਤੀ ਜਾ ਸਕੇਗੀ ਇਸ ਦਾ ਫੈਸਲਾ ਅੰਤਿਮ ਫੈਸਲਾ ਹੋਵੇਗਾ, ਉਹਨਾਂ ਕਿਹਾ ਕਿ ਇਸ ਅਦਾਲਤ ਦੇ ਕੇਸ ਦਾ ਫੈਸਲਾ ਹੋਣ ਦੇ ਬਾਅਦ ਕੋਰਟ ਫੀਸ ਵੀ ਵਾਪਸ ਕਰ ਦਿੱਤੀ ਜਾਵੇਗੀ। ਉਹਨਾਂ ਦੱਸਿਆ ਕਿ ਇਸ ਨੈਸ਼ਨਲ ਲੋਕ ਅਦਾਲਤ ਵਿੱਚ ਘਰੇਲੂ ਝਗੜੇ, ਛੋਟੇ ਕ੍ਰਿਮਨਲ ਕੇਸ, ਚੈੱਕ ਬਾਉਂਸ ਕੇਸ, ਦੁਰਘਟਨਾ ਮੁਆਵਜ਼ਾ ਕੇਸ ਆਦਿ ਕੇਸਾਂ ਦਾ ਨਿਪਟਾਰਾ ਕੀਤਾ ਜਾਵੇਗਾ, ਉਹਨਾਂ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਇਸ ਨੈਸ਼ਨਲ ਲੋਕ ਅਦਾਲਤ ਦਾ ਵੱਧ ਤੋਂ ਵੱਧ ਲਾਭ ਉਠਾਇਆ ਜਾਵੇ, ਅਤੇ ਆਪਸੀ ਸਹਿਮਤੀ ਨਾਲ ਕੇਸ ਖਤਮ ਕਰਕੇ ਭਾਈਚਾਰੇ ਦੀ ਭਾਵਨਾ ਨੂੰ ਵੱਧ ਤੋਂ ਵੱਧ ਵਧਾਇਆ ਜਾਵੇ, ਇਸ ਮੌਕੇ ਤੇ ਸੀ ਜੇ ਐਮ ਰੁਪਿੰਦਰ ਸਿੰਘ ਐਡਵੋਕੇਟ ਭਾਰਤ ਭੂਸ਼ਣ ਸ਼ਰਮਾ, ਐਡਵੋਕੇਟ ਦਰਸ਼ਨ ਕੁਮਾਰ, ਐਡਵੋਕੇਟ ਅਨੂਜ ਪੁਰੀ, ਐਡਵੋਕੇਟ ਵਿਨੋਦ ਕੁਮਾਰ, ਐਡਵੋਕੇਟ ਨਵਦੀਪ ਸੈਣੀ, ਐਡਵੋਕੇਟ ਦੀਪਕ ਸਵਾਲ, ਐਡਵੋਕੇਟ ਕੇਤਨ ਮਹਾਜਨ, ਐਡਵੋਕੇਟ ਬਲਵਿੰਦਰ ਸੈਣੀ ਐਡਵੋਕੇਟ ਅਮਿਤ ਵਰਮਾ, ਛੁੱਟੀ ਐਡਵੋਕੇਟ ਸੌਰਵ, ਐਡਵੋਕੇਟ ਮਮਤਾ ਸਮਖਾੜੀਆ, ਐਡਵੋਕੇਟ ਰਮਨ ਕੁਮਾਰੀ, ਐਡਵੋਕੇਟ ਰੋਮਿਕਾ, ਐਡਵੋਕੇਟ ਰਖੀਆ ਦੇਵੀ, ਐਡਵੋਕੇਟ ਹਨੀ ਮਾਈਨੀ ਆਦਿ ਹਾਜਰ ਸਨ।

# ਬਲਾਕ ਪੱਧਰੀ ਮੁਕਾਬਲਿਆਂ ਵਿੱਚ ਸਕੂਲ ਆਫ ਐਮੀਨੈਂਸ ਗੋਇੰਦਵਾਲ ਸਾਹਿਬ ਦੇ ਵਿਦਿਆਰਥੀਆਂ ਦਾ ਵਧੀਆ ਪ੍ਰਦਰਸ਼ਨ

ਫਤਿਹ ਟਾਈਮਜ਼

ਸ਼੍ਰੀ ਗੋਇੰਦਵਾਲ ਸਾਹਿਬ, 29 ਨਵੰਬਰ (ਐਸ ਐਸ ਸੰਧਾ) ਰਾਜ ਵਿਦਿਅਕ ਖੋਜ ਅਤੇ ਸਿਖਲਾਈ ਪਰਿਸ਼ਦ ਪੰਜਾਬ ਦੀਆਂ ਹਦਾਇਤਾਂ ਅਤੇ ਡੀਈਓ ਸੈਕੰਡਰੀ ਸਰਦਾਰ ਸਤਨਾਮ ਸਿੰਘ ਬਾਠ ਦੀ ਰਹਿਨੁਮਾਈ ਹੇਠ ਬਲਾਕ ਪੱਧਰੀ ਕੁਇਜ਼ ਮੁਕਾਬਲੇ ਸਰਕਾਰੀ ਕੰਨਿਆ ਸੈਕੰਡਰੀ ਸਕੂਲ ਨਾਗੋਕੇ ਵਿਖੇ ਕਰਵਾਏ ਗਏ। ਇਹ ਮੁਕਾਬਲੇ ਦੋ ਦਿਨਾਂ 27 ਅਤੇ 28 ਨਵੰਬਰ ਨੂੰ ਦੋ ਪੱਧਰਾਂ ਹੇਠ ਕਰਵਾਏ ਗਏ । ਇਹ ਮੁਕਾਬਲੇ ਸਾਇੰਸ,




ਗਣਿਤ, ਅੰਗਰੇਜ਼ੀ ਅਤੇ ਸਮਾਜਿਕ ਵਿਗਿਆਨ ਦੇ ਵਿਸ਼ਿਆਂ ਵਿਚੋਂ ਕਰਵਾਏ ਗਏ। ਮਿਡਲ ਪੱਧਰ ਦੇ ਮੁਕਾਬਲਿਆਂ ਵਿੱਚ ਸਕੂਲ ਆਫ ਐਮੀਨੈਂਸ ਗੋਇੰਦਵਾਲ ਸਾਹਿਬ ਦੇ ਵਿਦਿਆਰਥੀਆਂ ਗੁਰਨੂਰ ਕੌਰ, ਹਰਪ੍ਰੀਤ ਕੌਰ ਤੇ ਸ਼ਗੁਨਪ੍ਰੀਤ ਕੌਰ ਨੇ ਵਧੀਆ ਪ੍ਰਦਰਸ਼ਨ ਕਰਦੇ ਹੋਏ ਬਲਾਕ ਵਿੱਚੋ ਦੂਸਰੀ ਪੁਜੀਸ਼ਨ ਹਾਸਿਲ ਕੀਤੀ ਅਤੇ ਸੈਕੰਡਰੀ ਪੱਧਰ ਦੇ ਮੁਕਾਬਲੇ ਵਿਚ ਮਾਨਸੀ ਤੇ ਅਨਮੋਲਪ੍ਰੀਤ ਸਿੰਘ ਦੀ ਟੀਮ ਨੇ ਵੀ ਤੀਸਰੀ ਪੁਜੀਸ਼ਨ ਹਾਸਿਲ ਕੀਤੀ। ਸਕੂਲ ਦੇ ਇੰਚਾਰਜ ਪ੍ਰਿੰਸੀਪਲ ਮੈਡਮ ਪਰਵੀਨ ਕੌਰ ਨੇ ਵਿਦਿਆਰਥੀਆਂ ਅਤੇ ਉਹਨਾਂ ਦੇ ਗਾਈਡ ਅਧਿਆਪਕਾਂ ਨੂੰ ਵਧਾਈ ਦਿੱਤੀ ਅਤੇ ਆਸ ਜਤਾਈ ਕਿ ਆਉਣ ਵਾਲੇ ਸਮੇਂ ਵਿੱਚ ਵੀ ਵਿਦਿਆਰਥੀ ਅਤੇ ਅਧਿਆਪਕ ਇਸੇ ਤਰ੍ਹਾਂ ਹੀ ਮਿਹਨਤ ਕਰਕੇ ਸਕੂਲ ਅਤੇ ਆਪਣੇ ਇਲਾਕੇ ਦਾ ਨਾਮ ਰੁਸ਼ਨਾਉਂਦੇ ਰਹਿਣਗੇ।

Editor,Owner and Publisher Sarbjot Singh Sandha on behalf of Fateh Times online news and media company Regd:PB22000167,Published from Fateh Times H/O Mankdeka Road , Fatehabad,(Tarntaran) 143407

# ਹਲਕਾ ਭਦੌੜ ਦੇ ਲੋਕਾਂ ਲਈ ਦਿਨ ਰਾਤ ਹਾਜ਼ਰ ਹਾਂ: ਜਗਮੋਹਨ ਸਿੰਘ ਵਾਲੀਆ



ਰਾਮਪੁਰਾ ਫੂਲ, 29 ਨਵੰਬਰ (ਡਾ ਬਿੰਦੀ) ਹਲਕਾ ਭਦੌੜ ਦੇ ਵਿੱਚ ਸਰਗਰਮ ਅਤੇ ਸ਼ੁਰੂ ਤੋਂ ਪਾਰਟੀ ਦੇ ਵਫਾਦਾਰ ਸਿਪਾਹੀ ਜੋਂ ਕਿ ਗਰਾਊਂਡ ਤੇ ਕੰਮ ਕਰਕੇ ਦਿਨ ਰਾਤ ਇੱਕ ਕਰ ਰਹੇ ਹਨ। ਭਾਰਤੀ ਜਨਤਾ ਪਾਰਟੀ ਦੀਆਂ ਸਕੀਮਾਂ ਨੂੰ ਮੈਂ ਆਪਣੇ ਹਲਕੇ ਭਦੌੜ ਦੇ ਵਿੱਚ ਘਰ ਘਰ ਪਹੁਚਾਉਣ ਦਾ ਪਰਣ ਲਿਆ ਹੈ। ਤਾਂ ਇਹ ਸਕੀਮਾਂ ਦਾ ਲਾਭ ਹਰ ਵਰਗ ਦੇ ਲੋਕਾਂ ਤੱਕ ਪਹੁੰਚ ਕੀਤੀ ਜਾਵੇ। ਪਰ ਪੰਜਾਬ ਸਰਕਾਰ ਸੈਂਟਰ ਸਰਕਾਰ ਦੀਆ ਸਕੀਮਾਂ ਤੇ ਮੋਹਰ ਆਪਣੀ ਲਾਅ ਜਾਂਦੀ ਹੈ।ਪਰ ਹੁਣ ਇਹ ਅਜਿਹਾ ਨਹੀਂ ਹੋਵੇਗਾ। ਸਾਰੇ ਪੰਜਾਬ ਦੇ ਲੋਕਾਂ ਨੂੰ ਜਾਗਰੂਕ ਕਰਾਗੇ ਅਤੇ ਵੱਧ ਤੋਂ ਵੱਧ ਲੋਕਾਂ ਨੂੰ ਫਾਇਦਾ ਦੇਵਾਂਗੇ। ਅੱਜ ਤੱਕ ਪੰਜ਼ਾਬ ਸਰਕਾਰ ਨੇ ਲੋਕਾਂ ਨੂੰ ਇਹੋ ਜਿਹੀ ਦਲਦਲ ਦੇ ਵਿੱਚ ਸੁੱਟ ਦਿੱਤਾ ਹੈ ਹਰ ਵਰਗ ਦੇ ਲ਼ੋਕ ਘੁਟਣ ਮਹਿਸੂਸ ਕਰ ਰਹੇ ਹਨ। ਛੇਤੀ ਹੀ ਭਾਰਤੀ ਜਨਤਾ ਪਾਰਟੀ ਦਾ ਦਫ਼ਤਰ ਹਲਕਾ ਭਦੌੜ ਦੇ ਤਪਾ ਵਿੱਚ ਖੋਲ੍ਹ ਰਹੇ ਹਾਂ। ਲੋਕਾਂ ਨੂੰ ਜ਼ੋ ਵੀ ਮੁਸ਼ਕਿਲਾਂ ਆ ਰਹੀਆ ਨੇ ਓਹਨਾ ਦਾ ਨਿਪਟਾਰਾ ਅਤੇ ਸੁਣਵਾਈ ਵਲੋਂ ਕੋਈ ਕਸਰ ਨਹੀਂ ਛੱਡੀ ਜਾਵੇਗੀ।ਹੈਲਪਲਾਈਨ ਨੰਬਰ ਵੀ ਸੇਵਾਵਾਂ ਲਈ ਛੇਤੀ ਤੋਂ ਛੇਤੀ ਦਫ਼ਤਰ ਖੋਲ੍ਹਣ ਦੇ ਨਾਲ ਦਿੱਤਾ ਜਾਵੇਗਾ। ਮੈਂ ਜਗਮੋਹਨ ਸਿੰਘ ਵਾਲੀਆ ਸੀਨਿਅਰ ਆਗੂ ਭਾਰਤੀ ਜਨਤਾ ਪਾਰਟੀ ਅਤੇ ਐੱਸ ਸੀ ਵਿੰਗ ਤਪਾ ਦੇ ਜ਼ਿਲ੍ਹਾ ਪ੍ਰਧਾਨ ਗੁਰਜੀਤ ਸਿੰਘ ਅਤੇ ਸਾਡੀ ਸਾਰੀ ਟੀਮ ਹਰ ਪਿੰਡ ਦੇ ਵਿੱਚ ਕੈਂਪ ਲਗਾ ਕੇ ਲੋਕਾਂ ਬੇਰੁਜਗਾਰ ਲੋਕਾਂ ਨੂੰ ਸਿੱਧੇ ਰੋਜ਼ਗਾਰ ਵੱਲ ਧਿਆਨ ਦਿਵਾ ਕੇ ਆਪਣੇ ਪੈਰਾਂ ਤੇ ਖੜ੍ਹਾ ਕੀਤਾ ਜਾਵੇਗਾ।

# ਚਾਰ ਰੋਜਾ "ਰੰਗ ਉਤਸਵ" ਦੇ ਦੂਜੇ ਦਿਨ ਨਾਟਕ "ਖਿੜਦੇ ਰਹਿਣ ਗੁਲਾਬ"ਨੇ ਪਾਈ ਗ਼ਦਰੀ ਬੀਬੀ ਗੁਲਾਬ ਕੌਰ ਦੇ ਜੀਵਨ ਦੀ ਬਾਤ



ਮੁੱਲਾਂਪੁਰ ਦਾਖਾ, 29 ਨਵੰਬਰ (ਦਵਿੰਦਰ ਸਿੰਘ ਲੰਮੇ) ਲੋਕ ਕਲਾ ਮੰਚ (ਰਜਿ:) ਮੰਡੀ ਮੁੱਲਾਂਪੁਰ ਵੱਲੋਂ ਗੁਰਸ਼ਰਨ ਕਲਾ ਭਵਨ ਮੁੱਲਾਂਪੁਰ ਵਿਖੇ ਆਯੋਜਿਤ ਚਾਰ ਰੋਜ਼ਾ ਰੰਗ ਉਤਸਵ ਦੇ ਦੂਜੇ ਦਰਸ਼ਕਾਂ ਦੀ ਹਾਜ਼ਰੀ ਭਰਪੂਰ ਰਹੀ। ਸਮਾਗਮ ਦੀ ਸ਼ੁਰੂਆਤ ਵਿੱਚ ਕਵੀ ਸ਼ਬਦੀਸ਼ ਵੱਲੋਂ ਦੋ ਗ਼ਜ਼ਲਾਂ ਦਰਸ਼ਕਾਂ ਦੇ ਰੂਬਰੂ ਕੀਤੀਆਂ ਗਈਆਂ। ਦਰਸ਼ਕਾਂ ਨੇ ਸ਼ਬਦੀਸ਼ ਦੀ ਮਾਖਿਉ ਮਿੱਠੀ ਆਵਾਜ਼ ਦਾ ਜਾਦੂ ਨੇੜਿਉਂ ਦੇਖਿਆ ਤੇ ਸੁਣਿਆ। ਸਮਾਗਮ ਦਾ ਰਸਮੀ ਉਦਘਾਟਨ ਡਾ. ਐਸ.ਪੀ.ਸਿੰਘ ਸਾਬਕਾ ਵਾਈਸ ਚਾਂਸਲਰ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ, ਪ੍ਰੋਫੈਸਰ ਮਨਜੀਤ ਛਾਬੜਾ, ਡਾਕਟਰ ਸੁਖਦੇਵ ਸਿੰਘ ਭੂੰਦੜੀ,ਪ੍ਰਿੰਸੀਪਲ ਕ੍ਰਿਸ਼ਨ ਦੱਤ, ਮਾਸਟਰ ਉਜਾਗਰ ਸਿੰਘ, ਜਸਵੰਤ ਜੀਰਖ ਅਤੇ ਹਰਕੇਸ਼ ਚੌਧਰੀ ਪ੍ਰਧਾਨ ਲੋਕ ਕਲਾ ਮੰਚ (ਰਜਿ:) ਮੰਡੀ ਮੁੱਲਾਂਪੁਰ ਨੇ ਸਾਂਝੇ ਰੂਪ ਵਿੱਚ ਕੀਤਾ। ਇਸ ਮੌਕੇ ਡਾਕਟਰ ਸੁਖਦੇਵ ਸਿੰਘ ਭੂੰਦੜੀ ਨੇ ਹਾਜ਼ਰ ਸਰੋਤਿਆਂ ਨਾਲ ਆਪਣੇ ਵਿਚਾਰ ਪੇਸ਼ ਕੀਤੇ। ਇਸ ਉਪਰੰਤ "ਸੁਚੇਤਕ ਕਲਾ ਮੰਚ" ਮੋਹਾਲੀ ਦੀ ਟੀਮ ਨੇ ਸ਼ਬਦੀਸ਼ ਦਾ ਲਿਖਿਆ ਅਤੇ ਅਨੀਤਾ ਸ਼ਬਦੀਸ਼ ਦੀ ਅਦਾਕਾਰੀ ਤੇ ਨਿਰਦੇਸ਼ਨਾਂ ਹੇਠ ਨਾਟਕ "ਖਿੜਦੇ ਰਹਿਣ ਗੁਲਾਬ "ਪੇਸ਼ ਕੀਤਾ। ਜਿੱਥੇ ਨਾਟਕ ਆਪਣਾ ਸੁਨੇਹਾ ਦੇਣ ਵਿੱਚ ਕਾਮਯਾਬ ਰਿਹਾ ਉੱਥੇ ਅਨੀਤਾ ਸ਼ਬਦੀਸ਼ ਦੀ ਅਦਾਕਾਰੀ ਨੇ ਵੀ ਦਰਸ਼ਕਾਂ ਦਾ ਮਨ ਮੋਹ ਲਿਆ। ਨਾਟਕ ਰਾਹੀਂ ਲੇਖਕ ਨੇ ਗ਼ਦਰੀ ਬੀਬੀ ਗੁਲਾਬ ਕੌਰ ਦੇ ਜੀਵਨ ਨੂੰ ਲਹਿਰਾਂ ਦੇ ਸੰਦਰਭ ਵਿੱਚ ਦੇਖਦਿਆਂ ਉਸਦੇ ਜੀਵਨ ਦੀਆਂ ਔਖੀਆਂ ਘੜੀਆਂ ਨੂੰ ਪੇਸ਼ ਕੀਤਾ। ਜਿਵੇਂ ਜਿਵੇਂ ਨਾਟਕ ਸਮਾਪਤੀ ਵੱਲ ਵਧਦਾ ਗਿਆ ਦਰਸ਼ਕਾਂ ਦੀਆਂ ਤਾੜੀਆਂ ਦੀ ਗੜਗੜਾਹਟ ਵੀ ਉਨੀਂ ਹੀ ਤੇਜੀ ਨਾਲ ਹਾਲ ਅੰਦਰ ਗੂੰਜਦੀ ਰਹੀ। ਇਸ ਨਾਟਕ ਦਾ ਦਰਸ਼ਕਾਂ ਨੇ ਖੜ੍ਹੇ ਹੋ ਕੇ ਸਵਾਗਤ ਕੀਤਾ। ਨਾਟਕ ਗ਼ਦਰ ਲਹਿਰ ਅਤੇ ਬੱਬਰ ਲਹਿਰ ਦੇ ਦਿਨਾਂ ਦੀ ਯਾਦ ਤਾਜ਼ਾ ਕਰਵਾ ਗਿਆ।ਇਸ ਮੌਕੇ ਤ ਜਸਵੰਤ ਜੀਰਖ ਜੀ ਨੇ ਲੋਕ ਕਲਾ ਮੰਚ (ਰਜਿ:) ਮੰਡੀ ਮੁੱਲਾਂਪੁਰ ਦੇ ਵੱਲੋਂ ਕੀਤੇ ਜਾ ਰਹੇ ਰੰਗ ਉਤਸਵ ਲਈ ਭਰਾਤਰੀ ਸੰਦੇਸ਼ ਦਿੱਤਾ।ਇਸ ਮੌਕੇ ਤੇ ਲੈਕਚਰਾਰ ਇਕਬਾਲ ਪੂੜੈਣ, ਇੰਦਰਜੀਤ ਸਿੰਘ ਮੁੱਲਾਂਪੁਰ, ਬਲਦੇਵ ਸਿੰਘ ਮੁੱਲਾਂਪੁਰ, ਜਰਨੈਲ ਸਿੰਘ, ਅਜਮੇਰ ਸਿੰਘ ਮੁੱਲਾਂਪੁਰ, ਲੈਕਚਰਾਰ ਪ੍ਰਗਟ ਸਿੰਘ, ਮਾਸਟਰ ਗੁਰਜੀਤ ਸਿੰਘ , ਮੈਡਮ ਅੰਜੂ ਚੌਧਰੀ, ਨੀਰਜਾ ਬਾਂਸਲ, ਕਮਲਜੀਤ ਮੋਹੀ ਅਤੇ ਦੀਪਕ ਰਾਏ,ਆਦਿ ਹਾਜ਼ਰ ਸਨ।

**ਲੇਖ ਅਤੇ ਕਵਿਤਾਵਾਂ ਵਿਚਲੇ ਵਿਚਾਰ ਲੇਖਕ ਜਾਂ ਕਵੀ ਦੇ ਨਿੱਜੀ ਵਿਚਾਰ ਹਨ ਜਿਸ ਨਾਲ ਅਦਾਰਾ ਫਤਿਹ ਟਾਈਮਜ਼ ਦੇ ਸੰਪਾਦਕ ਦਾ ਸਹਿਮਤ ਹੋਣਾ ਜਰੂਰੀ ਨਹੀਂ।**

# ਅਦਰਕ ਦੀ ਵਿਗਿਆਨਕ ਮਹੱਤਤਾ



(ਲੜੀਵਾਰ ਲੇਖ ਕਿਸ਼ਤ 3) ਸੁੱਕੀ ਅਦਰਕ ਵਿੱਚ ਸ਼ੋਗੋਲ ਦੀਆਂ ਉੱਚ ਸੰਕੇਤਾਂ ਹੁੰਦੀਆਂ ਹਨ ਅਤੇ ਇਸ ਨੂੰ ਵਰਤੋਂ ਵਿੱਚ ਲਿਆਉਂਦੇ ਹੋਏ:

- ਚਾਹ: ਪਚਾਉਣ ਵਾਲੀਆਂ ਸਮੱਸਿਆਵਾਂ ਲਈ ਪ੍ਰਭਾਵਸ਼ਾਲੀ।
- ਬੇਕੀਂਗ: ਖਾਣਾ ਬਣਾਉਣ ਵਿੱਚ ਸੁਆਦ ਅਤੇ ਸਿਹਤ ਦੇ ਫਾਇਦੇ ਸ਼ਾਮਿਲ ਕਰਦਾ ਹੈ।
- ਮੈਡੀਸੀਨਲ ਟੋਨਿਕ: ਆਯੁਰਵੇਦ ਵਿੱਚ ਸਾਹ ਅਤੇ ਪਚਾਉਣ ਵਾਲੀਆਂ ਸਮੱਸਿਆਵਾਂ ਲਈ ਆਮਤੌਰ 'ਤੇ ਵਰਤਿਆ ਜਾਂਦਾ ਹੈ।

ਅਦਰਕ ਇਕ ਕੁਦਰਤੀ ਵਿਗਿਆਨੀ ਤੌਰ 'ਤੇ ਪ੍ਰਮਾਣਿਤ ਬੋਟਾਨਿਕ ਹੈ, ਜੋ ਪਰੰਪਰਾਗਤ ਗਿਆਨ ਨੂੰ ਆਧੁਨਿਕ ਮੈਡੀਕੀਅਲ ਜਾਣਕਾਰੀਆਂ ਨਾਲ ਜੋੜਦਾ ਹੈ। ਇਸ ਦੀਆਂ ਵੱਖ-ਵੱਖ ਜੀਵਾਣੂ ਸੰਯੋਜਨਾਂ ਐਂਟੀ-ਇੰਫਲੇਮੈਟਰੀ, ਐਂਟੀਓਕਸਿਡੈਂਟ, ਮੈਟਾਬੋਲਿਕ, ਐਂਟੀਮਾਇਕਰੋਬਾਇਓਲੋਜੀਕਲ ਅਤੇ ਸੰਭਾਵਿਤ ਐਂਟੀ-ਕੈਂਸਰ ਫ਼ਾਇਦੇ ਪ੍ਰਦਾਨ ਕਰਦੀ ਹਨ। ਭਾਵੇਂ ਅਦਰਕ ਕਿਸੇ ਵੀ ਬਿਮਾਰੀ ਦਾ ਇਲਾਜ ਨਹੀਂ ਕਰਦੀ, ਪਰ ਇਸ ਦੀਆਂ ਰੋਕਥਾਮ ਅਤੇ ਸਮਰਥਕੀ ਭੂਮਿਕਾਵਾਂ ਮਨੁੱਖੀ ਸਿਹਤ ਵਿੱਚ ਮਹੱਤਵਪੂਰਣ ਅਤੇ ਚੰਗੇ ਰੂਪ ਵਿੱਚ ਦਰਜ਼ ਕੀਤੀਆਂ ਗਈਆਂ ਹਨ। ਚਾਹੇ ਇਹ ਤਾਜ਼ਾ ਖਾਧਾ ਜਾਵੇ, ਐਲਕਲਾਈਨ ਪਾਣੀ ਵਿੱਚ ਨਿਭਾਰਿਆ ਜਾਵੇ, ਚਾਹ ਵਜੋਂ ਉਬਾਲਿਆ ਜਾਵੇ ਜਾਂ ਸਪਲੀਮੈਂਟ ਵਜੋਂ ਲਿਆ ਜਾਵੇ, ਅਦਰਕ ਇੱਕ ਕੁਦਰਤੀ ਸਿਹਤ ਸਰੋਤ ਰਹਿੰਦੀ ਹੈ।

(ਸਮਾਪਤ)



ਲੇਖਕ:
ਸੁਰਿੰਦਰਪਾਲ ਸਿੰਘ
ਸ੍ਰੀ ਅੰਮ੍ਰਿਤਸਰ ਸਾਹਿਬ।

ਸਫਾ 1 ਦੀ ਬਾਕੀ

# ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਦੇ...

ਦਿੱਲੀ ਤੋਂ ਚੱਲਿਆ 'ਸੀਸ ਮਾਰਗ ਨਗਰ ਕੀਰਤਨ' ਹਜ਼ਾਰਾਂ ਸੰਗਤਾਂ ਦੀ ਹਾਜ਼ਰੀ ਵਿਚ ਸ੍ਰੀ ਅਨੰਦਪੁਰ ਸਾਹਿਬ ਪੁੱਜ ਕੇ ਹੋਇਆ ਸੰਪੰਨ

ਤਰਨਾ ਦਲ ਦੇ ਮੁਖੀ ਬਾਬਾ ਮੇਜਰ ਸਿੰਘ ਸੋਢੀ ਸਮੇਤ ਹੋਰ ਪੰਥਕ ਹਸਤੀਆਂ ਨੇ ਹਾਜ਼ਰੀ ਭਰੀ।

ਨਿਹੰਗ ਸਿੰਘ ਜਥੇਬੰਦੀਆਂ ਵੱਲੋਂ ਘੋੜਿਆਂ ਹਾਥੀਆਂ ਨਾਲ ਭਰਵੀਂ ਸ਼ਮੂਲੀਅਤ ਕੀਤੀ ਗਈ ਅਤੇ ਸਕੂਲਾਂ ਕਾਲਜਾਂ ਦੇ ਵਿਦਿਆਰਥੀਆਂ ਨੇ ਵੀ ਹੱਥਾਂ ਵਿਚ ਖਾਲਸਾਈ ਨਿਸ਼ਾਨ ਫੜ ਕੇ ਨਗਰ ਕੀਰਤਨ ਵਿਚ ਭਰਵੀਂ ਹਾਜ਼ਰੀ ਲਗਵਾਈ। ਭਾਈ ਜੈਤਾ ਜੀ ਵਲੋਂ ਗੁਰੂ ਸਾਹਿਬ ਦਾ ਪਾਵਨ ਸੀਸ ਦਿੱਲੀ ਤੋਂ ਸ੍ਰੀ ਅਨੰਦਪੁਰ ਸਾਹਿਬ ਲਿਆਉਣ ਦੀ ਯਾਦ ਵਿਚ ਇਹ ਨਗਰ ਕੀਰਤਨ ਸੰਗਤ ਨੂੰ ਭਾਵੁਕ ਕਰ ਰਿਹਾ ਸੀ। ਸੰਗਤਾਂ ਸ਼ਰਧਾ, ਸਮਰਪਣ ਅਤੇ ਵੈਰਾਗ ਦੀ ਭਾਵਨਾ ਨਾਲ ਸਤਿਨਾਮ ਵਾਹਿਗੁਰੂ ਦਾ ਉਚਾਰਨ ਕਰਦਿਆਂ ਨਾਲ-ਨਾਲ ਚੱਲ ਰਹੀਆਂ ਸਨ।

ਇਸੇ ਦੌਰਾਨ ਗੁਰਦੁਆਰਾ ਸੀਸ ਗੰਜ ਸਾਹਿਬ ਵਿਖੇ ਸਜੇ ਦੀਵਾਨ ਵਿਚ ਸ਼੍ਰੋਮਣੀ ਰਾਗੀ ਭਾਈ ਹਰਜਿੰਦਰ ਸਿੰਘ ਸ੍ਰੀਨਗਰ ਵਾਲੇ, ਸੱਚਖੰਡ ਸ੍ਰੀ ਦਰਬਾਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਕਰਨੈਲ ਸਿੰਘ, ਭਾਈ ਸ਼ੌਕੀਨ ਸਿੰਘ ਅਤੇ ਭਾਈ ਕਾਰਜ ਸਿੰਘ ਦੇ ਜਥਿਆਂ ਨੇ ਸੰਗਤ ਨੂੰ ਗੁਰਬਾਣੀ ਕੀਰਤਨ ਨਾਲ ਜੋੜਿਆ, ਜਦੋਂਕਿ ਪੰਥ ਪ੍ਰਸਿੱਧ ਕਥਾਵਾਚਕ ਭਾਈ ਸਾਹਿਬ ਭਾਈ ਪਿੰਦਰਪਾਲ ਸਿੰਘ ਨੇ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੇ ਜੀਵਨ ਅਤੇ ਸ਼ਹਾਦਤ ਦਾ ਅਦੁੱਤੀ ਬਿਰਤਾਂਤ ਸੰਗਤ ਨਾਲ ਸਾਂਝਾ ਕੀਤਾ।

ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅੱਜ ਦਾ ਸਮਾਗਮ ਸਿਰਫ਼ ਇੱਕ ਯਾਦਗਾਰ ਦਿਹਾੜਾ ਹੀ ਨਹੀਂ, ਸਗੋਂ ਧਰਮ ਇਨਸਾਨੀਅਤ ਅਤੇ ਨਿਆਂ ਦੀ ਰੱਖਿਆ ਲਈ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਵੱਲੋਂ ਦਿੱਤੀ ਗਈ ਸਰਬੋਤਮ ਕੁਰਬਾਨੀ ਨੂੰ ਹਿਰਦੇ ਵਿਚ ਵਸਾਉਣ ਅਤੇ ਗੁਰੂ ਸਾਹਿਬ ਦੇ ਉਪਦੇਸ਼ਾਂ ਅਨੁਸਾਰ ਜੀਵਨ ਜੀਣ ਦੀ ਇੱਕ ਪ੍ਰੇਰਨਾ ਵਜੋਂ ਹੈ। ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸ਼ਤਾਬਦੀ ਸਮਾਗਮਾਂ ਅਤੇ ਨਗਰ ਕੀਰਤਨਾਂ ਵਿਚ ਸਹਿਯੋਗ ਕਰਨ ਲਈ ਸਿੰਘ ਸਾਹਿਬਾਨ, ਤਖ਼ਤ ਸਾਹਿਬਾਨ ਦੇ ਜਥੇਦਾਰ ਸਾਹਿਬਾਨ, ਤਖ਼ਤ ਸਾਹਿਬਾਨ ਦੀਆਂ ਪ੍ਰਬੰਧਕ ਕਮੇਟੀਆਂ, ਸਮੂਹ ਨਿਹੰਗ ਸਿੰਘ ਦਲਾਂ, ਟਕਸਾਲਾਂ, ਸਿੱਖ ਜਥੇਬੰਦੀਆਂ, ਨਿਰਮਲੇ, ਉਦਾਸੀਨ ਸੰਪ੍ਰਦਾਵਾਂ, ਕਾਰਸੇਵਾ ਵਾਲੇ ਮਹਾਂਪੁਰਖਾਂ, ਲੰਗਰਾਂ ਲਈ ਸਹਿਯੋਗ ਕਰਨੀ ਵਾਲੀਆਂ ਸੰਸਥਾਵਾਂ, ਵੱਖ ਵੱਖ ਸੂਬਿਆਂ ਦੀਆਂ ਗੁਰਦੁਆਰਾ ਕਮੇਟੀਆਂ ਸਮੇਤ ਵੱਖ-ਵੱਖ ਧਰਮਾਂ ਦੇ ਲੋਕਾਂ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ। ਉਨ੍ਹਾਂ ਅੱਗੋਂ ਵੀ ਸਿੱਖ ਸੰਸਥਾ ਨਾਲ ਸਹਿਯੋਗ ਦੀ ਆਸ ਵੀ ਪ੍ਰਗਟਾਈ। ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸੰਬੋਧਨ ਕਰਦਿਆਂ ਨੌਵੇਂ ਪਾਤਸ਼ਾਹ ਜੀ ਦੇ ਸੀਸ ਸਸਕਾਰ ਦਿਵਸ ਮੌਕੇ ਗੁਰਦੁਆਰਾ ਬਿਬਾਣਗੜ੍ਹ ਸਾਹਿਬ ਸ੍ਰੀ ਕੀਰਤਪੁਰ ਸਾਹਿਬ ਤੋਂ ਗੁਰਦੁਆਰਾ ਸੀਸ ਗੰਜ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਤੱਕ ਹਰ ਸਾਲ ਨਗਰ ਕੀਰਤਨ ਸਜਾਉਣ ਦਾ ਐਲਾਨ ਕੀਤਾ। ਉਨ੍ਹਾਂ ਕਿਹਾ ਕਿ ਸਿੱਖ ਜਥੇਬੰਦੀਆਂ ਵੱਲੋਂ ਆਏ ਸੁਝਾਅ ਅਨੁਸਾਰ ਇਹ ਨਗਰ ਕੀਰਤਨ ਹਰ ਸਾਲ ਗੁਰਦੁਆਰਾ ਬਿਬਾਣਗੜ੍ਹ ਸਾਹਿਬ ਸ੍ਰੀ ਕੀਰਤਪੁਰ ਸਾਹਿਬ ਤੋਂ ਸਵੇਰੇ 9 ਵਜੇ ਆਰੰਭ ਹੋਇਆ ਕਰੇਗਾ ਜੋ ਦੁਪਹਿਰ 1 ਵਜੇ ਗੁਰਦੁਆਰਾ ਸੀਸ ਗੰਜ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਪਹੁੰਚ ਕੇ ਜਪੁਜੀ ਸਾਹਿਬ ਤੇ ਕੀਰਤਨ ਸੋਹਿਲਾ ਸਾਹਿਬ ਦੇ ਪਾਠ ਉਪਰੰਤ ਅਰਦਾਸ ਨਾਲ ਸੰਪੂਰਨਤਾ ਹੋਇਆ ਕਰੇਗਾ।

ਜਥੇਦਾਰ ਗੜਗੱਜ ਨੇ ਕਿਹਾ ਕਿ ਅੱਜ ਦਾ ਇਕੱਠ ਇਹ ਦਰਸਾ ਰਿਹਾ ਹੈ ਕਿ ਸਿੱਖ ਦਾ ਮੁੱਖ ਅੱਜ ਵੀ ਗੁਰੂ ਵੱਲ ਹੈ। ਉਨ੍ਹਾਂ ਕਿਹਾ ਕਿ ਜੇਕਰ ਕੋਈ ਸਾਡੀ ਪਹਿਚਾਣ ਨੂੰ ਜ਼ਜ਼ਬ ਕਰਨ ਦੀ ਸੋਚ ਰੱਖਦਾ ਹੈ ਉਹ ਇਹ ਜ਼ਰੂਰ ਯਾਦ ਰੱਖੇ ਕਿ ਇਹ ਗੁਰੂ ਤੇਗ ਬਹਾਦਰ ਸਾਹਿਬ ਦੇ ਵਾਰਸ ਹਨ। ਉਨ੍ਹਾਂ ਸੰਗਤਾਂ ਨੂੰ ਗੁਰੂ ਸਾਹਿਬ ਦੇ ਉਪਦੇਸ਼ਾਂ ਅਨੁਸਾਰ ਜੀਵਨ ਜਿਊਣ ਦੀ ਪ੍ਰੇਰਨਾ ਵੀ ਕੀਤੀ।

ਨਗਰ ਕੀਰਤਨ ਵਿੱਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ, ਤਖ਼ਤ ਸ੍ਰੀ ਪਟਨਾ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਗੁਰਦਿਆਲ ਸਿੰਘ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਜੋਗਿੰਦਰ ਸਿੰਘ, ਗਿਆਨੀ ਹਰਪਾਲ ਸਿੰਘ ਮੁੱਖ ਗ੍ਰੰਥੀ ਗੁਰਦੁਆਰਾ ਫਤਹਿਗੜ੍ਹ ਸਾਹਿਬ, ਭਾਈ ਮਹਿੰਦਰ ਸਿੰਘ ਨਿਸ਼ਕਾਮ ਸੇਵਕ ਜਥਾ ਯੂਕੇ, ਬਾਬਾ ਨਰਿੰਦਰ ਸਿੰਘ ਹਜ਼ੂਰ ਸਾਹਿਬ ਵਾਲੇ, ਦਮਦਮੀ ਟਕਸਾਲ ਦੇ ਮੁਖੀ ਬਾਬਾ ਹਰਨਾਮ ਸਿੰਘ ਖਾਲਸਾ ਵੱਲੋਂ ਬਾਬਾ ਗੁਰਮੀਤ ਸਿੰਘ, ਬਾਬਾ ਲੱਖਾ ਸਿੰਘ ਨਾਨਕਸਰ, ਬਾਬਾ ਸੁੱਖਾ ਸਿੰਘ ਸਰਿਹਾਲੀ, ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਮੀਤ ਪ੍ਰਧਾਨ ਡਾ. ਦਲਜੀਤ ਸਿੰਘ ਚੀਮਾ, ਸ. ਮਹੇਸ਼ਇੰਦਰ ਸਿੰਘ ਗਰੇਵਾਲ, ਸ. ਦਰਬਾਰਾ ਸਿੰਘ ਗੁਰੂ, ਦਿੱਲੀ ਕਮੇਟੀ ਦੇ ਸਾਬਕਾ ਪ੍ਰਧਾਨ ਸ. ਪਰਮਜੀਤ ਸਿੰਘ ਸਰਨਾ, ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਅੰਤ੍ਰਿਗ ਕਮੇਟੀ ਮੈਂਬਰ ਸ. ਦਲਜੀਤ ਸਿੰਘ ਭਿੰਡਰ, ਸ. ਗੁਰਪ੍ਰੀਤ ਸਿੰਘ ਝੱਬਰ, ਸ. ਮੰਗਵਿੰਦਰ ਸਿੰਘ ਖਾਪੜਖੇੜੀ, ਸ. ਸੁਰਜੀਤ ਸਿੰਘ ਤੁਗਲਵਾਲ, ਬੀਬੀ ਹਰਜਿੰਦਰ ਕੌਰ, ਡਾ. ਜੰਗ ਬਹਾਦਰ ਸਿੰਘ ਰਾਏ, ਸ. ਬਲਦੇਵ ਸਿੰਘ ਕਾਇਮਪੁਰ, ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਭਾਈ ਗੁਰਚਰਨ ਸਿੰਘ ਗਰੇਵਾਲ, ਸ. ਸੁਰਜੀਤ ਸਿੰਘ ਭਿੱਟੇਵੱਡ, ਸ. ਪਰਮਜੀਤ ਸਿੰਘ ਲੱਖੇਵਾਲ, ਸ. ਰਣਜੀਤ ਸਿੰਘ ਕਾਹਲੋਂ, ਸ. ਅਵਤਾਰ ਸਿੰਘ ਰਿਆ, ਸ. ਫੁੰਮਣ ਸਿੰਘ, ਸ. ਜਰਨੈਲ ਸਿੰਘ ਡੋਗਰਾਂਵਾਲ, ਸ. ਗੁਰਬਖਸ਼ ਸਿੰਘ ਖਾਲਸਾ, ਸ. ਕੇਵਲ ਸਿੰਘ ਬਾਦਲ, ਸ. ਸਤਪਾਲ ਸਿੰਘ ਤਲਵੰਡੀ ਭਾਈ, ਭਾਈ ਅਜੈਬ ਸਿੰਘ ਅਭਿਆਸੀ, ਸ. ਅਮਰੀਕ ਸਿੰਘ ਕੋਟਸ਼ਮੀਰ, ਸ. ਬਲਜੀਤ ਸਿੰਘ ਜਲਾਲਉਸਮਾ, ਸ. ਅਮਰਜੀਤ ਸਿੰਘ ਭਲਾਈਪੁਰ, ਬਾਬਾ ਬੂਟਾ ਸਿੰਘ ਗੁਰਥੜੀ, ਬਾਬਾ ਗੁਰਮੀਤ ਸਿੰਘ ਤ੍ਰਿਲੋਕੇਵਾਲਾ, ਬੀਬੀ ਜੋਗਿੰਦਰ ਕੌਰ, ਓ.ਐਸ.ਡੀ. ਸ. ਸਤਬੀਰ ਸਿੰਘ ਧਾਮੀ, ਸਕੱਤਰ ਸ. ਪ੍ਰਤਾਪ ਸਿੰਘ, ਇੰਜੀ ਸੁਖਮਿੰਦਰ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ, ਵਧੀਕ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਬਿਜੈ ਸਿੰਘ, ਨਿੱਜੀ ਸਕੱਤਰ ਸ਼ਾਹਬਾਜ਼ ਸਿੰਘ, ਮੀਤ ਸਕੱਤਰ ਸ. ਜਸਵਿੰਦਰ ਸਿੰਘ ਜੱਸੀ, ਸ. ਗੁਰਦਿਆਲ ਸਿੰਘ, ਸ. ਬਲਵਿੰਦਰ ਸਿੰਘ ਖੈਰਾਬਾਦ, ਸ. ਗੁਰਨਾਮ ਸਿੰਘ, ਸ. ਹਰਭਜਨ ਸਿੰਘ ਵਕਤਾ, ਸ. ਮਨਜੀਤ ਸਿੰਘ ਤਲਵੰਡੀ, ਸ. ਸੁਖਬੀਰ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਕਥਾਵਾਚਕ ਗਿਆਨੀ ਗੁਰਬਖਸ਼ ਸਿੰਘ ਗੁਲਸ਼ਨ, ਗਿਆਨੀ ਬਲਬੀਰ ਸਿੰਘ ਚੰਗਿਆੜਾ, ਬਾਬਾ ਦਰਸ਼ਨ ਸਿੰਘ ਟਾਹਲਾ ਸਾਹਿਬ, ਬਾਬਾ ਸਤਨਾਮ ਸਿੰਘ ਕਿਲ੍ਹਾ ਅਨੰਦਗੜ੍ਹ ਸਾਹਿਬ, ਬਾਬਾ ਸੇਵਾ ਸਿੰਘ ਖਡੂਰ ਸਾਹਿਬ ਵੱਲੋਂ ਬਾਬਾ ਗੁਰਪ੍ਰੀਤ ਸਿੰਘ, ਬਾਬਾ ਸੁਰਜਨ ਸਿੰਘ, ਬਾਬਾ ਅਵਤਾਰ ਸਿੰਘ ਧੱਤਲ, ਬਾਬਾ ਅਮਨਦੀਪ ਸਿੰਘ ਅੰਮ੍ਰਿਤਸਰ, ਬਾਬਾ ਨਾਗਰ ਸਿੰਘ ਹਰੀਆਂ ਵੇਲਾਂ, ਬਾਬਾ ਬਲਦੇਵ ਸਿੰਘ ਵੱਲ੍ਹਾ, ਬਾਬਾ ਬਲਦੇਵ ਸਿੰਘ ਮੁਸਤਾਫਾਪੁਰ, ਬਾਬਾ ਸਤਨਾਮ ਸਿੰਘ ਖਾਪੜਖੇੜੀ, ਬਾਬਾ ਪ੍ਰਗਟ ਸਿੰਘ ਮਜੀਠਾ ਰੋਡ, ਬਾਬਾ ਜਸਪਾਲ ਸਿੰਘ ਮੁਕਤਸਰ, ਬਾਬਾ ਕਸ਼ਮੀਰ ਸਿੰਘ ਬਟਾਲਾ, ਬਾਬਾ ਗੁਰਮੇਜ ਸਿੰਘ, ਬਾਬਾ ਸ਼ਮਸ਼ੇਰ ਸਿੰਘ, ਬਾਬਾ ਬਲਕਾਰ ਸਿੰਘ, ਬਾਬਾ ਹਰਜਿੰਦਰ ਸਿੰਘ, ਬਾਬਾ ਬਲਵਿੰਦਰ ਸਿੰਘ ਮਹਿਤਾ ਚੌਂਕ, ਬਾਬਾ ਜੋਗਾ ਸਿੰਘ ਕਰਨਾਲ, ਬਾਬਾ ਅਵਤਾਰ ਸਿੰਘ ਟਿੱਬੀ ਸਾਹਿਬ ਵਾਲੇ, ਬਾਬਾ ਜਰਨੈਲ ਸਿੰਘ, ਬਾਬਾ ਨੌਨਿਹਾਲ ਸਿੰਘ, ਗੁਰਦੁਆਰਾ ਪਾਉਂਟਾ ਸਾਹਿਬ ਦੇ ਮੈਨੇਜਰ ਸ. ਜਗੀਰ ਸਿੰਘ, ਸਵਾਮੀ ਜੀ ਹੁਸ਼ਿਆਰਪੁਰ ਵਾਲੇ, ਬਾਬਾ ਗੁਰਦੇਵ ਸਿੰਘ, ਪ੍ਰਿੰਸੀਪਲ ਡਾ ਜਸਵੀਰ ਸਿੰਘ, ਸੁਪਰਡੈਂਟ ਸ. ਨਿਸ਼ਾਨ ਸਿੰਘ, ਸ. ਮਲਕੀਤ ਸਿੰਘ ਬਹਿੜਵਾਲ, ਇੰਚਾਰਜ ਸ. ਮੇਜ਼ਰ ਸਿੰਘ, ਸ. ਗੁਰਮੇਜ ਸਿੰਘ, ਸ. ਬਲਦੇਵ ਸਿੰਘ, ਸ. ਜਗਦੀਸ਼ ਸਿੰਘ ਬੁੱਟਰ ਚੀਫ 85, ਮੈਨੇਜਰ ਸ. ਸਤਨਾਮ ਸਿੰਘ ਰਿਆੜ, ਸ. ਸਤਿੰਦਰ ਸਿੰਘ, ਸ. ਜਸਪਾਲ ਸਿੰਘ ਢੱਡੇ, ਸ. ਨਿਸ਼ਾਨ ਸਿੰਘ ਜ਼ਫਰਵਾਲ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੈਨੇਜਰ ਸ. ਗੁਰਦੀਪ ਸਿੰਘ ਕੰਗ, ਸ. ਰਣਜੀਤ ਸਿੰਘ, ਤਖਤ ਸ੍ਰੀ ਦਮਦਮਾ ਸਹਿਬ ਦੇ ਮੈਨੇਜਰ ਸ. ਨਰਿੰਦਰਜੀਤ ਸਿੰਘ ਭਵਾਨੀਗੜ੍ਹ, ਸ. ਗੁਰਪ੍ਰੀਤ ਸਿੰਘ, ਸ. ਸਤਨਾਮ ਸਿੰਘ ਗੋਸਲ, ਸ. ਸੁਰਜੀਤ ਸਿੰਘ ਬਰਨਾਲਾ, ਵਧੀਕ ਮੈਨੇਜਰ ਸ. ਹਰਦੇਵ ਸਿੰਘ ਐਡਵੋਕੇਟ, ਸ. ਸੰਦੀਪ ਸਿੰਘ ਕਲੋਤਾ, ਸ. ਅਮਰਜੀਤ ਸਿੰਘ ਜਿੰਦਵੜੀ, ਹੈੱਡ ਪ੍ਰਚਾਰਕ ਭਾਈ ਜਗਦੇਵ ਸਿੰਘ, ਭਾਈ ਸਰਬਜੀਤ ਸਿੰਘ ਢੋਟੀਆਂ, ਭਾਈ ਬਲਵੰਤ ਸਿੰਘ ਐਨੋਕੋਟ, ਭਾਈ ਸਰਬਜੀਤ ਸਿੰਘ ਲੁਧਿਆਣਾ ਆਦਿ ਵੀ ਹਾਜ਼ਰ ਸਨ।

# ਬਲਾਕ ਸੰਮਤੀ ਜੋਨ ਮੁੱਲਾਂਪੁਰ ਤੋਂ ਸੁਰਿੰਦਰਪਾਲ ਸਿੰਘ ਮਿੱਠੂ ਗਿਆਨੀ ਹੋਣਗੇ ਉਮੀਦਵਾਰ: ਇਆਲੀ



ਮੁੱਲਾਂਪੁਰ ਦਾਖਾ, 29 ਨਵੰਬਰ (ਦਵਿੰਦਰ ਸਿੰਘ ਲੰਮੇ) ਚੋਣ ਕਮਿਸ਼ਨ ਵੱਲੋਂ ਪੰਜਾਬ ਅੰਦਰ ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਚੋਣਾਂ ਦੀਆਂ ਤਰੀਕਾਂ ਦਾ ਐਲਾਨ ਹੁੰਦਿਆਂ ਹੀ ਹਲਕਾ ਦਾਖਾ ਅੰਦਰ ਪਹਿਲ ਕਦਮੀ ਕਰਦਿਆਂ ਵਿਧਾਇਕ ਮਨਪ੍ਰੀਤ ਸਿੰਘ ਇਆਲੀ ਨੇ ਬਲਾਕ ਸੰਮਤੀ ਮੁੱਲਾਂਪੁਰ ਜੋਨ ਤੋਂ ਸੁਰਿੰਦਰ ਪਾਲ ਸਿੰਘ ਮਿੱਠੂ ਗਿਆਨੀ ਨੂੰ ਉਮੀਦਵਾਰ ਐਲਾਨ ਦਿੱਤਾ ਹੈ। ਅੱਜ ਵਿਧਾਇਕ ਮਨਪ੍ਰੀਤ ਇਆਲੀ ਵੱਲੋਂ ਉਕਤ ਜੋਨ ਨਾਲ ਸਬੰਧਤ ਪਿੰਡਾਂ ਦੇ ਮੋਹਤਬਰਾਂ ਦੀ ਇਕੱਤਰਤਾ ਬੁਲਾਈ ਗਈ ਜਿਸ ਵਿੱਚ ਪਿੰਡ ਮੁੱਲਾਂਪੁਰ, ਕੈਲਪੁਰ, ਬੜੈਚ ਅਤੇ ਚੱਕ ਕਲਾਂ ਤੋਂ ਵੱਡੀ ਗਿਣਤੀ ਪਾਰਟੀ ਵਰਕਰ ਪੁੱਜੇ। ਜਿੰਨਾ ਨਾਲ ਸਲਾਹ ਮਸ਼ਵਰੇ ਉਪਰੰਤ ਸਰਬ ਸੰਮਤੀ ਨਾਲ ਸੁਰਿੰਦਰ ਸਿੰਘ ਮਿੱਠੂ ਗਿਆਨੀ ਨੂੰ ਜੈਕਾਰਿਆਂ ਦੀ ਗੂੰਜ ਵਿੱਚ ਆਪਣਾ ਪਹਿਲਾ ਉਮੀਦਵਾਰ ਐਲਾਨ ਦਿੱਤਾ ਅਤੇ ਸਿਰੋਪਾਓ ਦੇ ਕੇ ਉਨ੍ਹਾਂ ਦਾ ਸਵਾਗਤ ਕੀਤਾ। ਜਾਣਕਾਰੀ ਦਿੰਦਿਆਂ ਵਿਧਾਇਕ ਇਆਲੀ ਨੇ ਕਿਹਾ ਕਿ ਬਲਾਕ ਸੰਮਤੀ ਮੁੱਲਾਂਪੁਰ ਤੋਂ ਸੁਰਿੰਦਰ ਪਾਲ ਸਿੰਘ ਮਿੱਠੂ ਗਿਆਨੀ ਅਤੇ ਚੌਂਕੀਮਾਨ ਜੋਨ ਤੋਂ ਰਾਜਦੀਪ ਸਿੰਘ ਖਾਲਸਾ ਉਮੀਦਵਾਰ ਹੋਣਗੇ। ਇਸ ਮੌਕੇ ਵਿਧਾਇਕ ਇਆਲੀ ਨੇ ਕਿਹਾ ਕਿ ਇਹਨਾਂ ਚੋਣਾਂ ਲਈ ਉਹ ਆਪਣੇ ਉਮੀਦਵਾਰਾਂ ਦੀ ਜਿੱਤ ਯਕੀਨੀ ਬਣਾਉਣ ਲਈ ਜਲਦੀ ਹੀ ਪਿੰਡਾਂ ਅੰਦਰ ਮੀਟਿੰਗਾਂ ਦਾ ਆਯੋਜਨ ਕਰਨਗੇ। ਉਹਨਾਂ ਕਿਹਾ ਕਿ ਮਿੱਠੂ ਗਿਆਨੀ ਇੱਕ ਸਾਫ ਸੁਥਰੇ ਅਕਸ ਵਾਲੇ ਗੁਰਸਿੱਖ ਨੂੰ ਟਿਕਟ ਦਿੱਤੀ ਗਈ ਹੈ ਜਿਹੜਾ ਕਿ ਹਮੇਸ਼ਾਂ ਹੀ ਗ੍ਰੰਥ ਅਤੇ ਪੰਥ ਦੀ ਗੱਲ ਕਰਦਾ ਹੈ ਅਤੇ ਪੰਜਾਬ ਦੇ ਮਸਲਿਆਂ ਦੀ ਗੱਲ ਹਰੇਕ ਪਲੇਟਫਾਰਮ ਉੱਤੇ ਬੜੇ ਧੜੱਲੇ ਨਾਲ ਕਰਦਾ ਹੈ। ਰਾਜਦੀਪ ਸਿੰਘ ਖਾਲਸਾ ਵੀ ਉੱਚੇ ਸੁੱਚੇ ਕਿਰਦਾਰ ਵਾਲੇ ਨੌਜਵਾਨ ਉਮੀਦਵਾਰ ਹਨ। ਉਹਨਾਂ ਵਰਕਰਾਂ ਨੂੰ ਕਿਹਾ ਕਿ ਆਪਣੇ ਉਮੀਦਵਾਰਾਂ ਦੀ ਜਿੱਤ ਯਕੀਨੀ ਬਣਾਉਣ ਲਈ ਉਹ ਵੋਟਰਾਂ ਨੂੰ ਅਪੀਲ ਕਰਨ। ਇਸ ਮੌਕੇ ਜਥੇਦਾਰ ਮੱਘਰ ਸਿੰਘ ਬੜੈਚ ਸਾਬਕਾ ਚੇਅਰਮੈਨ, ਸਾਬਕਾ ਸਰਪੰਚ ਸਿਕੰਦਰ ਸਿੰਘ ਧਨੋਆ ,ਰਾਮ ਆਸਰਾ ਸਿੰਘ ਚੱਕ ਕਲਾਂ,ਦਰਸ਼ਨ ਸਿੰਘ ਧਨੋਆ , ਕਰਮਜੀਤ ਸਿੰਘ ਗਿੱਲ, ,ਦਲਜੀਤ ਸਿੰਘ ਧਨੋਆ ,ਕਰਮਜੀਤ ਸਿੰਘ ਪੰਮਾ ਪੰਚ ,ਭਾਗ ਸਿੰਘ ਗਿੱਲ , ਜੱਥੇਦਾਰ ਬਖਸ਼ੀਸ਼ ਸਿੰਘ, ਜੱਥੇਦਾਰ ਜੋਰਾ ਸਿੰਘ, ਸੂਬੇਦਾਰ ਜਰਨੈਲ ਸਿੰਘ,ਸੁਖਵਿੰਦਰ ਸਿੰਘ ,ਜਸਪਾਲ ਸਿੰਘ ਗਿੱਲ , ਇੰਦਰਜੀਤ ਸਿੰਘ, ਜਗਵਿੰਦਰ ਸਿੰਘ, ਮਨਪ੍ਰੀਤ ਸਿੰਘ ਪੰਚ ,ਮਨਜੋਤ ਸਿੰਘ ,ਮਲਕੀਤ ਸਿੰਘ, ਹਰਮਨਦੀਪ ਸਿੰਘ ,ਬਲਜੀਤ ਸਿੰਘ ,ਸਤਪਾਲ ਸਿੰਘ, ਨੰਬਰਦਾਰ ਰਣਜੀਤ ਸਿੰਘ ਵੜੈਚ ,ਦਰਸ਼ਨ ਸਿੰਘ ,ਨਿਰਮਲ ਸਿੰਘ ਕੈਲਪੁਰ , ਬਲਦੇਵ ਸਿੰਘ, ਗੁਰਸੇਵਕ ਸਿੰਘ,ਅਵਤਾਰ ਸਿੰਘ ਚੱਕ ਕਲਾਂ, ਹਰਦਿਆਲ ਸਿੰਘ ,ਸ਼ਰਨਜੀਤ ਸਿੰਘ ,ਦਵਿੰਦਰ ਸਿੰਘ ਗਰਚਾ ,ਸੁਖਦੇਵ ਸਿੰਘ ,ਜਗਰੂਪ ਸਿੰਘ ,ਮਨਜਿੰਦਰ ਸਿੰਘ ,ਕੁਲਵੰਤ ਸਿੰਘ, ਮਨਜੋਤ ਸਿੰਘ ,ਤੇਜੀ ਮਾਨ ਅਤੇ ਹਰਬੰਸ ਸਿੰਘ ਆਦਿ ਹਾਜ਼ਰ ਸਨ।

# ਪਿੰਡ ਪੱਖੋ ਕਲਾਂ ਬੱਸ ਸਟੈਂਡ ਤੇ ਕੀਤੀ ਗਈ ਵਾਹਨਾ ਦੀ ਚੈਕਿੰਗ



ਰਾਮਪੁਰਾ ਫੂਲ, 29 ਨਵੰਬਰ (ਡਾ ਬਿੰਦੀ) ਇਲਾਕੇ ਅੰਦਰ ਨਸ਼ਿਆਂ ਅਤੇ ਚੋਰੀ ਦੀਆਂ ਵਾਰਦਾਤਾਂ ਨੂੰ ਰੋਕਣ ਲਈ ਥਾਣਾ ਰੂੜੇਕੇ ਕੇ ਕਲਾਂ ਦੇ ਮੁਖੀ ਐਸ ਐਚ ਓ ਗੁਰਵਿੰਦਰ ਸਿੰਘ ਦੀ ਅਗਵਾਈ ਹੇਠ ਪਿੰਡ ਪੱਖੋ ਕਲਾਂ ਨਾਕਾ ਲਗਾ ਕੇ ਵਾਹਨਾਂ ਦੀ ਕੀਤੀ ਗਈ ਚੈਕਿੰਗ ਥਾਣਾ ਮੁਖੀ ਗੁਰਵਿੰਦਰ ਸਿੰਘ ਨੇ ਪ੍ਰੈਸ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਕਿਸੇ ਵੀ ਮਾੜੇ ਅਨਸਰਾਂ ਨੂੰ ਬਖਸ਼ਿਆ ਨਹੀਂ ਜਾਵੇਗਾ ਅਤੇ ਉਹਨਾਂ ਨੇ ਇਹ ਵੀ ਕਿਹਾ ਕਿ ਜਿੰਨਾ ਵੀਕਲਾਂ ਦੇ ਕਾਗਜ ਪੱਤਰ ਪੂਰੇ ਨਾ ਹੋਏ ਤਾਂ ਉਹਨਾਂ ਦੇ ਵੀ ਚਲਾਨ ਕੱਟੇ ਜਾਣਗੇ ਪੰਜਾਬ ਸਰਕਾਰ ਦੀਆਂ ਹਦਾਇਤਾਂ ਮੁਤਾਬਿਕ ਇਲਾਕੇ ਅੰਦਰ ਕਿਸੇ ਨਸ਼ਾ ਤਸਕਰਾਂ ਅਤੇ ਮਾੜੇ ਅਨਸਰਾਂ ਨੂੰ ਬਖਸ਼ਿਆ ਨਹੀਂ ਜਾਵੇਗਾ।






# 'ਸੀਸ ਮਾਰਗ ਨਗਰ ਕੀਰਤਨ' ਦਾ ਕੀਰਤਪੁਰ ਸਾਹਿਬ ਪੁੱਜਣ 'ਤੇ ਸੰਗਤਾਂ ਵਲੋਂ ਸ਼ਰਧਾ-ਸਤਿਕਾਰ ਸਹਿਤ ਸਵਾਗਤ



ਕੀਰਤਪੁਰ ਸਾਹਿਬ/ ਸ੍ਰੀ ਅਨੰਦਪੁਰ ਸਾਹਿਬ, 29 ਨਵੰਬਰ (ਫ.ਟ.ਬ) ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਭਾਈ ਜੈਤਾ ਜੀ ਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ ਸੀਸ ਦਿੱਲੀ ਤੋਂ ਸ੍ਰੀ ਅਨੰਦਪੁਰ ਸਾਹਿਬ ਲੈ ਕੇ ਆਉਣ ਦੀ ਯਾਦ 'ਚ ਦਿੱਲੀ ਤੋਂ ਆਰੰਭ ਹੋਏ 'ਸੀਸ ਮਾਰਗ ਨਗਰ ਕੀਰਤਨ' ਗੁਰਦੁਆਰਾ ਸ੍ਰੀ ਬਿਬਾਣਗੜ੍ਹ ਸਾਹਿਬ ਕੀਰਤਪੁਰ ਸਾਹਿਬ ਪਹੁੰਚਣ 'ਤੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਸਮੇਤ ਪ੍ਰਮੁੱਖ ਸਖਸ਼ੀਅਤਾਂ ਅਤੇ ਵੱਡੀ ਗਿਣਤੀ ਸੰਗਤਾਂ ਵੱਲੋਂ ਸ਼ਰਧਾ-ਭਾਵਨਾ ਨਾਲ ਸਵਾਗਤ ਕੀਤਾ ਗਿਆ। ਦਿੱਲੀ ਤੋਂ ਆਰੰਭ ਹੋਇਆ ਇਹ ਨਗਰ ਕੀਰਤਨ ਵੱਖ-ਵੱਖ ਪੜਾਵਾਂ ਤੋਂ ਹੁੰਦਾ ਹੋਇਆ ਅੱਜ ਚੌਥੇ ਦਿਨ ਗੁਰਦੁਆਰਾ ਬਿਬਾਨਗੜ੍ਹ ਸਾਹਿਬ, ਕੀਰਤਪੁਰ ਸਾਹਿਬ ਪੁੱਜਾ, ਜਿੱਥੋਂ ਭਲ੍ਹਕੇ 29 ਨਵੰਬਰ ਨੂੰ ਸਵੇਰੇ 8 ਵਜੇ ਆਰੰਭ ਹੋ ਕੇ ਗੁਰਦੁਆਰਾ ਸੀਸਗੰਜ ਸਾਹਿਬ, ਸ੍ਰੀ ਅਨੰਦਪੁਰ ਸਾਹਿਬ ਵਿਖੇ ਪੁੱਜ ਕੇ ਸਮਾਪਤ ਹੋਵੇਗਾ। ਗੁਰਦੁਆਰਾ ਬਿਬਾਨਗੜ੍ਹ ਸਾਹਿਬ ਵਿਖੇ ਨਗਰ ਕੀਰਤਨ ਪੁੱਜਣ 'ਤੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਸਮੇਤ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਅੰਤ੍ਰਿਗ ਕਮੇਟੀ ਮੈਂਬਰ ਸ. ਦਲਜੀਤ ਸਿੰਘ ਭਿੰਡਰ, ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਸ. ਅਵਤਾਰ ਸਿੰਘ ਰਿਆ, ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜੈਬ ਸਿੰਘ ਅਭਿਆਸੀ, ਓ.ਐਸ.ਡੀ. ਸ. ਸਤਬੀਰ ਸਿੰਘ ਧਾਮੀ, ਸਕੱਤਰ ਸ. ਪ੍ਰਤਾਪ ਸਿੰਘ, ਧਰਮ ਪ੍ਰਚਾਰ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਵਧੀਕ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਬਿਜੈ ਸਿੰਘ, ਨਿੱਜੀ ਸਕੱਤਰ ਸ਼ਾਹਬਾਜ਼ ਸਿੰਘ, ਮੀਤ ਸਕੱਤਰ ਮੀਤ ਸਕੱਤਰ ਸ. ਜਸਵਿੰਦਰ ਸਿੰਘ ਜੱਸੀ, ਸ. ਬਲਵਿੰਦਰ ਸਿੰਘ ਖੈਰਾਬਾਦ, ਸ. ਹਰਭਜਨ ਸਿੰਘ ਵਕਤਾ, ਸ. ਸੁਖਬੀਰ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਮੁੱਖ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਬਾਬਾ ਮੇਜਰ ਸਿੰਘ ਸੋਢੀ, ਬਾਬਾ ਬਲਦੇਵ ਸਿੰਘ ਵੱਲ੍ਹਾ, ਬਾਬਾ ਬਲਦੇਵ ਸਿੰਘ ਮੁਸਤਾਫਾਪੁਰ, ਬਾਬਾ ਸਤਨਾਮ ਸਿੰਘ ਖਾਪੜਖੇੜੀ, ਬਾਬਾ ਪ੍ਰਗਟ ਸਿੰਘ ਮਜੀਠਾ ਰੋਡ, ਬਾਬਾ ਜਸਪਾਲ ਸਿੰਘ ਮੁਕਤਸਰ, ਬਾਬਾ ਕਸ਼ਮੀਰ ਸਿੰਘ ਬਟਾਲਾ, ਮੈਨੇਜਰ ਸ. ਸਤਨਾਮ ਸਿੰਘ ਰਿਆੜ, ਸ. ਜਸਪਾਲ ਸਿੰਘ ਢੱਡੇ, ਸ. ਨਿਸ਼ਾਨ ਸਿੰਘ ਜ਼ੱਫਰਵਾਲ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੈਨੇਜਰ ਸ. ਗੁਰਦੀਪ ਸਿੰਘ ਕੰਗ ਅਤੇ ਵਧੀਕ ਮੈਨੇਜਰ ਸ. ਹਰਦੇਵ ਸਿੰਘ ਐਡਵੋਕੇਟ, ਪ੍ਰਚਾਰਕ ਭਾਈ ਸਰਬਜੀਤ ਸਿੰਘ ਖਡੂਰ ਸਾਹਿਬ, ਸ. ਬਲਵੰਤ ਸਿੰਘ ਐਨੋਕੋਟ ਅਤੇ ਭਾਈ ਗੁਰਨਾਮ ਸਿੰਘ ਵੀ ਹਾਜ਼ਰ ਸਨ।

ਇਸੇ ਦੌਰਾਨ ਅੱਜ ਦੇਰ ਸ਼ਾਮ ਗੁਰਦੁਆਰਾ ਬਿਬਾਨਗੜ੍ਹ ਸਾਹਿਬ ਕੀਰਤਪੁਰ ਸਾਹਿਬ ਵਿਖੇ ਧਾਰਮਿਕ ਦੀਵਾਨ ਸਜਾਏ ਗਏ, ਜਿਸ ਵਿਚ ਪੰਥ ਪ੍ਰਸਿੱਧ ਰਾਗ ਜਥਿਆਂ ਤੋਂ ਇਲਾਵਾ ਕਥਾਵਾਚਕ ਭਾਈ ਸਾਹਿਬ ਭਾਈ ਪਿੰਦਰਪਾਲ ਸਿੰਘ ਨੇ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਉਪਰੰਤ ਭਾਈ ਜੈਤਾ ਜੀ ਵਲੋਂ ਉਨ੍ਹਾਂ ਦਾ ਪਾਵਨ ਸੀਸ ਦਿੱਲੀ ਤੋਂ ਲੈ ਕੇ ਸ੍ਰੀ ਅਨੰਦਪੁਰ ਸਾਹਿਬ ਪੁੱਜਣ ਦੀ ਅਦੁੱਤੀ ਤੇ ਲਾਸਾਨੀ ਗਾਥਾ ਦਾ ਵਰਨਣ ਕੀਤਾ।

# ਐਡਵੋਕੇਟ ਕਰਮਵੀਰ ਸਿੰਘ ਨਾਲ ਵਾਪਰੇ ਘਟਨਾ ਚੱਕਰ ਦੀ ਘੋਰ ਨਿੰਦਾ ਕੀਤੀ ਗਈ



ਤਰਨ ਤਾਰਨ, 29 ਨਵੰਬਰ (ਫ.ਟ.ਬ) ਡਿਸਟ੍ਰਿਕਟ ਬਾਰ ਐਸੋਸੀਏਸ਼ਨ ਤਰਨ ਤਾਰਨ ਦੇ ਪ੍ਰਧਾਨ ਪਰਮਿੰਦਰ ਸਿੰਘ ਢਿੱਲੋਂ, ਵਾਈਸ ਪ੍ਰਧਾਨ ਐਡਵੋਕੇਟ ਅਮਿਤ ਧਵਨ, ਸਾਬਕਾ ਵਾਈਸ ਪ੍ਰਧਾਨ ਐਡਵੋਕੇਟ ਅਜੈਪਾਲ ਸਿੰਘ ਸੱਗੂ, ਅਤੇ ਸੀਨੀਅਰ ਮੈਂਬਰ ਐਡਵੋਕੇਟ ਰਜਬੀਰ ਸਿੰਘ ਸੰਧੂ, ਐਡਵੋਕੇਟ ਗੁਰਿੰਦਰ ਸਿੰਘ ਸੰਧੂ ਅਤੇ ਐਡਵੋਕੇਟ ਗੁਲਕੰਵਰ ਸਿੰਘ ਗਿੱਲ ਦੀ ਸਾਂਝੀ ਅਗਵਾਈ ਵਿੱਚ ਅੱਜ ਇੱਕ ਪ੍ਰੈੱਸ ਬਿਆਨ ਜਾਰੀ ਕੀਤਾ ਗਿਆ, ਜਿਸ ਵਿੱਚ ਐਡਵੋਕੇਟ ਕਰਮਵੀਰ ਸਿੰਘ ਨਾਲ ਵਾਪਰੇ ਘਟਨਾ-ਚੱਕਰ ਦੀ ਘੋਰ ਨਿੰਦਾ ਕੀਤੀ ਗਈ ਹੈ।

ਢ੍ਰੀ ਨੰਬਰ 0278, ਮਿਤੀ 27.11.2025, ਪੁਲਿਸ ਸਟੇਸ਼ਨ ਸਦਰ ਤਰਨ ਤਾਰਨ ਵਿੱਚ ਦਰਜ ਮਾਮਲੇ ਮੁਤਾਬਕ, ਗੁਰਬੀਰ ਸਿੰਘ ਸਿਹਤ ਸੁਪਰਵਾਈਸਰ ਕਮਿਊਨਟੀ ਹੈਲਥ ਸੈਂਟਰ ਝਬਾਲ ਵਿਖੇ ਨੌਕਰੀ ਕਰਦਾ ਹੈ ਅਤੇ ਪਿੰਡ ਪੰਡੋਰੀ ਰਹਿਮਾਣਾ ਦਾ ਬੀ ਐਲ ਉ ਹੈ, ਜੋ ਅਤੇ ਇਕ ਕੇਸ ਵਿੱਚ ਮੁਦਈ ਸੀ ਅਦਾਲਤ ਵਿੱਚ ਆਪਣੇ ਸਰਕਾਰੀ ਆਹੁਦੇ ਦਾ ਦੁਰਪ੍ਰਯੋਗ ਕਰਦੇ ਹੋਏ, ਐਡਵੋਕੇਟ ਕਰਮਵੀਰ ਸਿੰਘ ਦੇ ਕਾਨੂੰਨੀ ਫਰਜ਼ ਵਿਚ ਰੁਕਾਵਟ ਪੈਦਾ ਕੀਤੀ ਅਤੇ ਬਦਸਲੂਕੀ ਦੀ ਘਟਨਾ ਗੰਭੀਰਤਾ ਨੂੰ ਵੇਖਦਿਆਂ ਪੁਲਿਸ ਵੱਲੋਂ ਭਾਰਤੀਆਂ ਨਿਆਂ ਸਹਿਤਾ 2023 ਦੀਆਂ ਧਾਰਾਵਾਂ 353(2), 356(2), 352(ਭੰਸ਼) ਤਹਿਤ ਕਾਰਵਾਈ ਕੀਤੀ ਗਈ ਹੈ, ਜੋ ਆਪਣੇ ਆਪ ਵਿੱਚ ਇਸ ਮਾਮਲੇ ਦੀ ਗੰਭੀਰਤਾ ਦਰਸਾਉਂਦੀ ਹੈ।

ਡਿਸਟ੍ਰਿਕਟ ਬਾਰ ਐਸੋਸੀਏਸ਼ਨ ਨੇ ਕਿਹਾ ਹੈ ਕਿ—

"ਇੱਕ ਐਡਵੋਕੇਟ 'ਤੇ ਧੱਕੇਸ਼ਾਹੀ, ਬਦਸਲੂਕੀ ਅਤੇ ਕਾਨੂੰਨੀ ਕੰਮ ਵਿਚ ਰੁਕਾਵਟ ਸਿਰਫ਼ ਵਿਅਕਤੀ 'ਤੇ ਹਮਲਾ ਨਹੀਂ ਹੈ, ਬਲਕਿ ਪੂਰੀ ਲੀਗਲ ਫ੍ਰੈਟਰਨਿਟੀ ਦੀ ਇੱਜ਼ਤ ਅਤੇ ਸੁਰੱਖਿਆ 'ਤੇ ਸਿੱਧਾ ਵਾਰ ਹੈ। ਇਹ ਘਟਨਾ ਕਿਸੇ ਵੀ ਸਭਿਆਚਾਰਕ ਸਮਾਜ ਵਿੱਚ ਬਰਦਾਸ਼ਤ ਨਹੀਂ ਕੀਤੀ ਜਾ ਸਕਦੀ।"ਬਾਰ ਐਸੋਸੀਏਸ਼ਨ ਨੇ ਜ਼ੋਰ ਦੇ ਕੇ ਕਿਹਾ ਹੈ ਕਿ ਐਡਵੋਕੇਟ ਕਰਮਵੀਰ ਸਿੰਘ ਇਕ ਇਮਾਨਦਾਰ, ਨਿਸ਼ਪੱਖ ਅਤੇ ਸਮਾਜਿਕ ਜ਼ਿੰਮੇਵਾਰੀ ਨਿਭਾਉਣ ਵਾਲੇ ਵਕੀਲ ਹਨ, ਅਤੇ ਉਨ੍ਹਾਂ ਨਾਲ ਕੀਤੀ ਗਈ ਬਦਸਲੂਕੀ ਦੀ ਪੂਰੀ ਕਾਨੂੰਨੀ ਕਾਰਵਾਈ ਹੋਵੇਗੀ।

ਐਸੋਸੀਏਸ਼ਨ ਨੇ ਮੰਗ ਕੀਤੀ ਹੈ ਕਿ ਕਥਿਤ ਦੋਸ਼ੀ ਗੁਰਬੀਰ ਸਿੰਘ ਖ਼ਿਲਾਫ਼ ਸਖ਼ਤ ਤਰੀਕੇ ਨਾਲ ਕਾਨੂੰਨੀ ਕਾਰਵਾਈ ਕੀਤੀ ਜਾਵੇ। ਪੁਲਿਸ ਪ੍ਰਸ਼ਾਸਨ ਨੂੰ ਅਲਟੀਮੇਟਮ ਦਿੱਤਾ ਕਿ ਦੋਸ਼ੀ ਗੁਰਬੀਰ ਸਿੰਘ ਨੂੰ 24 ਘੰਟਿਆਂ ਵਿੱਚ ਗ੍ਰਿਫਤਾਰ ਕੀਤਾ ਜਾਵੇਂ ਜੇ ਪੁਲਿਸ ਪ੍ਰਸ਼ਾਸਨ ਉਸਨੂੰ ਗ੍ਰਿਫਤਾਰ ਨਹੀਂ ਕਰਦਾ ਤਾ ਸੋਮਵਾਰ ਡਿਸਟ੍ਰਿਕ ਬਾਰ ਐਸੋਸੀਏਸ਼ਨ ਤਰਨ ਤਾਰਨ ਪੁਲਿਸ ਪ੍ਰਸ਼ਾਸਨ ਖਿਲਾਫ ਸੰਘਰਸ਼ ਵਿੱਡੇਗੀ ਬਾਰ ਐਸੋਸੀਏਸ਼ਨ ਨੇ ਸਪਸ਼ਟ ਕੀਤਾ ਕਿ ਉਹ ਐਡਵੋਕੇਟ ਕਰਮਵੀਰ ਸਿੰਘ ਦੇ ਨਾਲ ਖੜ੍ਹੀ ਹੈ ਅਤੇ ਇਸ ਮਾਮਲੇ ਵਿੱਚ ਪੂਰਾ ਕਾਨੂੰਨੀ ਅਤੇ ਨੈਤਿਕ ਸਹਿਯੋਗ ਦਿੱਤਾ ਜਾਵੇਗਾ।


